ਕੈਨੇਡੀਅਨ
# ਪੰਜਾਬੀ ਪੋਸਟ

Award winning news paper | Canadian Punjabi Post

Vol 24* Issue 42 Friday, 7 March 2025 To view our online newspaper visit **punjabipost.ca/epaper**

Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' *Online*ਰੋਜ਼ਾਨਾ ਪੜ੍ਹ ਸਕਦੇ ਹੋ


## ਦੱਖਣੀ ਕੋਰੀਆ ਵਿੱਚ ਲੜਾਕੂ ਜਹਾਜ਼ ਫੌਜੀ ਅਭਿਆਸ ਦੌਰਾਨ ਗਲਤੀ ਨਾਲ ਲੋਕਾਂ ਸੁੱਟੇ ਬੰਬ, 15 ਜ਼ਖਮੀ



ਸਿਓਲ, 6 ਮਾਰਚ (ਪੋਸਟ ਬਿਊਰੋ): ਦੱਖਣੀ ਕੋਰੀਆ ਵਿੱਚ, ਇੱਕ ਲੜਾਕੂ ਜਹਾਜ਼ ਨੇ ਇੱਕ ਫੌਜੀ ਅਭਿਆਸ ਦੌਰਾਨ ਗਲਤੀ ਨਾਲ ਆਪਣੇ ਹੀ ਨਾਗਰਿਕਾਂ 'ਤੇ 8 ਬੰਬ ਸੁੱਟ ਦਿੱਤੇ। ਇਸ ਵਿੱਚ 15 ਲੋਕ ਜ਼ਖਮੀ ਹੋ ਗਏ। 2 ਲੋਕ ਗੰਭੀਰ ਜ਼ਖਮੀ ਹਨ।

ਹਵਾਈ ਸੈਨਾ ਨੇ ਕਿਹਾ ਕਿ ਪਾਇਲਟ ਗਲਤ ਜਗ੍ਹਾ 'ਤੇ ਦਾਖਲ ਹੋਇਆ ਸੀ। ਇਸ ਕਰਕੇ ਬੰਬ ਉਨ੍ਹਾਂ ਥਾਵਾਂ 'ਤੇ ਡਿੱਗੇ ਜਿੱਥੇ ਲੋਕ ਰਹਿੰਦੇ ਹਨ। ਇਸ ਵੇਲੇ ਫੌਜੀ ਅਭਿਆਸ ਰੱਦ ਕਰ ਦਿੱਤਾ ਗਿਆ ਹੈ। ਇਸ ਘਟਨਾ ਵਿੱਚ ਇੱਕ ਚਰਚ ਅਤੇ ਇੱਕ ਘਰ ਨੂੰ ਨੁਕਸਾਨ ਪਹੁੰਚਿਆ।

ਇਹ ਘਟਨਾ ਵੀਰਵਾਰ ਨੂੰ ਸਥਾਨਕ ਸਮੇਂ ਅਨੁਸਾਰ ਸਵੇਰੇ 10 ਵਜੇ ਉੱਤਰੀ ਕੋਰੀਆ ਦੀ ਸਰਹੱਦ ਦੇ ਨੇੜੇ ਪੋਚਿਓਨ ਸ਼ਹਿਰ ਵਿੱਚ ਵਾਪਰੀ। ਇਹ ਮੰਨਿਆ ਜਾ ਰਿਹਾ ਹੈ ਕਿ 8 ਬੰਬਾਂ ਵਿੱਚੋਂ ਸਿਰਫ਼ ਇੱਕ ਹੀ ਫਟਿਆ। ਸੁਰੱਖਿਆ ਅਧਿਕਾਰੀ ਬਾਕੀ 7 ਬੰਬਾਂ ਨੂੰ ਨਸ਼ਟ ਕਰਨ ਲਈ ਕੰਮ ਕਰ ਰਹੇ ਹਨ।


SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property

905-965-7474
www.SwitchInsurance.ca
7900 Hurontario St Suite 308, Brampton, ON L6Y 0P6

JOSHI LAW OFFICE
Barrister, Solicitor & Notary Public

- Immigration
- Real Estate
- Commercial Law
- Affidavit
- Power of Attorney

Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON


# ਵਪਾਰ ਯੁੱਧ ਦੇ ਹੱਲ ਲਈ ਕੋਈ ਵਿਚਕਾਰਲਾ ਰਸਤਾ ਨਹੀਂ : ਫੋਰਡ

### ਜਦੋਂ ਤੱਕ ਅਮਰੀਕਾ ਸਾਰੇ ਟੈਰਿਫ ਨਹੀਂ ਹਟਾਉਂਦਾ, ਓਂਟਾਰੀਓ ਵੀ ਆਪਣੀ ਨਿਰਯਾਤ ਕਰ ਦੀ ਗੱਲ 'ਤੇ ਖੜ੍ਹਾ

ਓਟਵਾ, 6 ਮਾਰਚ (ਪੋਸਟ ਬਿਊਰੋ): ਟਰੰਪ ਦੇ ਟੈਰਿਫ ਬਾਰੇ ਪ੍ਰੀਮਿਅਰ ਡੱਗ ਫੋਰਡ ਨੇ ਕਿਹਾ ਹੈ ਕਿ ਜਦੋਂ ਤੱਕ ਅਮਰੀਕਾ ਕੈਨੇਡਾ 'ਤੇ ਸਾਰੇ ਟੈਰਿਫ ਨਹੀਂ ਹਟਾਉਂਦਾ, ਓਂਟਾਰੀਓ ਵੀ ਆਪਣੀ ਨਿਰਯਾਤ ਕਰ ਦੀ ਗੱਲ 'ਤੇ ਖੜ੍ਹਾ ਹੈ, ਜਿਸ ਵਿੱਚ ਐੱਲ.ਸੀ.ਬੀ.ਓ. ਦੀਆਂ ਸ਼ੈਲਫਾਂ ਤੋਂ ਅਮਰੀਕੀ ਸ਼ਰਾਬ ਹਟਾਉਣਾ ਸ਼ਾਮਿਲ ਹੈ। ਇਸ ਵਪਾਰ ਯੁੱਧ ਦਾ ਇੱਕੋ ਇੱਕ ਹੱਲ ਹੈ 'ਕੋਈ ਟੈਰਿਫ ਨਹੀਂ। ਇਸ ਲਈ ਕੋਈ ਵਿਚਕਾਰਲਾ ਰਸਤਾ ਨਹੀਂ ਹੈ। ਅਸੀਂ ਕੈਨੇਡੀਅਨ ਲੋਕਾਂ 'ਤੇ ਟੈਰਿਫ ਨਹੀਂ ਚਾਹੁੰਦੇ। ਇਹ ਟਿੱਪਣੀ ਟਰੰਪ ਪ੍ਰਸ਼ਾਸਨ ਵੱਲੋਂ ਆਟੋ ਨਿਰਮਾਤਾਵਾਂ




ਉੱਤੇ ਇੱਕ ਮਹੀਨੇ ਦੇ ਟੈਰਿਫ ਦੇਰੀ ਦੇ ਐਲਾਨ ਤੋਂ ਕੁੱਝ ਘੰਟੇ ਪਹਿਲਾਂ ਆਈ। ਇਸ ਵਿੱਚ ਸ਼ਾਮਲ ਕਾਰ ਡੀਲਰਾਂ ਵਿੱਚ ਸਟੇਲੇਂਟਿਸ, ਫੋਰਡ ਅਤੇ ਜਨਰਲ ਮੋਟਰਜ਼ ਸ਼ਾਮਿਲ ਹਨ।

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਮੰਗਲਵਾਰ ਨੂੰ ਕੈਨੇਡੀਅਨ ਚੀਜ਼ਾਂ 'ਤੇ 25 ਫ਼ੀਸਦੀ ਦਾ ਟੈਰਿਫ ਲਾਗੂ ਕੀਤਾ, ਜਦਕਿ ਕੈਨੇਡੀਅਨ ਇਨਰਜੀ 'ਤੇ 10 ਫ਼ੀਸਦੀ ਦਾ ਟੈਰਿਫ ਲਾਇਆ। ਇਸ ਤੋਂ ਬਾਅਦ ਫੈਡਰਲ ਸਰਕਾਰ ਨੇ 30 ਬਿਲੀਅਨ ਡਾਲਰ ਦੇ ਅਮਰੀਕੀ ਉਤਪਾਦਾਂ 'ਤੇ 25 ਫ਼ੀਸਦੀ ਦਾ ਟੈਰਿਫ ਲਾਇਆ, ਜਿਸ ਵਿੱਚ 21 ਦਿਨਾਂ ਵਿੱਚ ਅਮਰੀਕੀ ਵਸਤਾਂ 'ਤੇ 125 ਬਿਲੀਅਨ ਡਾਲਰ ਤੱਕ ਦੇ ਟੈਰਿਫ ਲਾਉਣ ਦੀ ਯੋਜਨਾ ਹੈ। ਅਮਰੀਕੀ ਵਪਾਰ ਸਕੱਤਰ ਹਾਵਰਡ ਲੁਟਨਿਕ ਨੇ ਬੁੱਧਵਾਰ ਸਵੇਰੇ ਦੱਸਿਆ ਕਿ ਅਮਰੀਕੀ ਸਰਕਾਰ ਕੈਨੇਡਾ 'ਤੇ ਅਮਰੀਕੀ ਟੈਰਿਫ ਬਾਰੇ ਬੈਠਕ ਕਰੇਗੀ, ਜਿਸ ਵਿੱਚ ਕੁੱਝ ਉਦਯੋਗਾਂ ਲਈ ਛੋਟ 'ਤੇ ਚਰਚਾ ਹੋਵੇਗੀ।

## ਟਰੰਪ ਦੇ ਟੈਰਿਫ ਬਾਰੇ ਲੀਡਰਸ਼ਿਪ ਉਮੀਦਵਾਰ ਕਾਰਨੀ ਨੂੰ ਦਿੱਤੀ ਹੈ ਜਾਣਕਾਰੀ : ਜੋਲੀ

ਓਟਵਾ, 6 ਮਾਰਚ (ਪੋਸਟ ਬਿਊਰੋ): ਵਿਦੇਸ਼ ਮੰਤਰੀ ਮੇਲਾਨੀ ਜੋਲੀ ਦਫ਼ਤਰ ਨੇ ਪੁਸ਼ਟੀ ਕੀਤੀ ਹੈ ਕਿ ਉਨ੍ਹਾਂ ਨੇ ਇਸ ਹਫ਼ਤੇ ਐਤਵਾਰ ਨੂੰ ਹੋਣ ਵਾਲੀਆਂ ਲੀਡਰਸ਼ਿਪ ਦੀਆਂ ਚੋਣਾਂ ਤੋਂ ਕੁੱਝ ਦਿਨ ਪਹਿਲਾਂ ਲਿਬਰਲ ਲੀਡਰਸ਼ਿਪ ਦੇ ਉਮੀਦਵਾਰ ਮਾਰਕ ਕਾਰਨੀ ਨੂੰ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਟੈਰਿਫ ਬਾਰੇ ਜਾਣਕਾਰੀ ਦਿੱਤੀ ਹੈ। ਮੰਨਿਆ ਜਾ ਰਿਹਾ ਹੈ ਕਿ ਕਾਰਨੀ ਪਾਰਟੀ ਦੇ ਲੀਡਰਸ਼ਿਪ ਲਈ ਸਭ ਤੋਂ ਅੱਗੇ ਚੱਲ ਰਹੇ ਹਨ ਅਤੇ ਅਗਲੇ ਹਫ਼ਤੇ ਦੀ ਸ਼ੁਰੂਆਤ ਵਿੱਚ ਹੀ ਪ੍ਰਧਾਨ ਮੰਤਰੀ ਬਣ ਸਕਦੇ ਹਨ, ਜਿਸ ਨਾਲ ਕਿ ਟਰੰਪ ਦਾ ਕੈਨੇਡਾ ਦੇ ਨਾਲ ਵਧਦਾ ਵਪਾਰ ਯੁੱਧ ਦਾ ਹੱਲ ਕੱਢਣਾ ਉਨ੍ਹਾਂ ਦੀ ਸਮੱਸਿਆ ਬਣ ਜਾਵੇਗਾ। ਜੋਲੀ ਨੇ ਬੁੱਧਵਾਰ ਨੂੰ ਇੱਕ ਰਾਸ਼ਟਰੀ ਕਾਕਸ ਬੈਠਕ ਵਿੱਚ ਲਿਬਰਲ ਸੰਸਦਾਂ ਨੂੰ ਕਿਹਾ ਕਿ ਉਹ ਐਤਵਾਰ ਨੂੰ ਹੋਣ ਵਾਲੀਆਂ ਚੋਣਾਂ ਤੋਂ ਪਹਿਲਾਂ ਕਾਰਨੀ ਨੂੰ ਜਾਣਕਾਰੀ ਦੇ ਰਹੇ ਹਨ। ਬੁੱਧਵਾਰ ਦੀ ਵਰਚੁਅਲ ਰਾਸ਼ਟਰੀ ਕਾਕਸ ਬੈਠਕ ਵਿੱਚ ਕੀ ਹੋਇਆ, ਇਸ ਦੀ ਜਾਣਕਾਰੀ ਰੱਖਣ ਵਾਲੇ ਕਈ ਲਿਬਰਲ ਸੂਤਰਾਂ ਅਨੁਸਾਰ



ਜੋਲੀ ਨੇ ਸੁਝਾਅ ਦਿੱਤਾ ਕਿ ਉਨ੍ਹਾਂ ਨੇ ਅਜੇ ਤੱਕ ਹੋਰ ਲਿਬਰਲ ਲੀਡਰਸ਼ਿਪ ਦੇ ਉਮੀਦਵਾਰਾਂ ਨੂੰ ਜਾਣਕਾਰੀ ਨਹੀਂ ਦਿੱਤੀ ਹੈ।

ਸੂਤਰਾਂ ਨੇ ਕਿਹਾ ਕਿ ਜਦੋਂ ਇੱਕ ਕਾਕਸ ਮੈਂਬਰ ਨੇ ਦੱਸਿਆ ਕਿ ਤਿੰਨ ਹੋਰ ਉਮੀਦਵਾਰ ਵੀ ਹਨ ਤਾਂ ਜੋਲੀ ਨੇ ਕਿਹਾ ਕਿ ਜੇਕਰ ਸੰਭਵ ਹੋਇਆ ਤਾਂ ਉਹ ਉਨ੍ਹਾਂ ਨੂੰ ਜਾਣਕਾਰੀ ਦੇਣਗੇ। ਮੰਤਰੀ ਨੇ ਬੁੱਧਵਾਰ ਦੀ ਬੈਠਕ ਦੌਰਾਨ ਸੰਸਦ ਮੈਂਬਰਾਂ ਨੂੰ ਟਰੰਪ ਦੇ ਟੈਰਿਫ ਉੱਤੇ ਓਟਾਵਾ ਦੀ ਪ੍ਰਤੀਕਿਰਆ ਬਾਰੇ ਜਾਣਕਾਰੀ ਦਿੱਤੀ। ਬੈਠਕ ਵਿਚ ਕ੍ਰਿਸਟੀਆ ਫਰੀਲੈਂਡ ਅਤੇ ਕਰੀਨਾ ਗੋਲਡ, ਦੋਵੇਂ ਕਾਕਸ ਮੈਂਬਰ ਅਤੇ ਲਿਬਰਲ ਲੀਡਰਸ਼ਿਪ ਦੇ ਉਮੀਦਵਾਰ, ਮੌਜੂਦ ਨਹੀਂ ਸਨ। ਜੋਲੀ ਦੇ ਸੰਚਾਰ ਨਿਰਦੇਸ਼ਕ ਜੈਂਸ ਫਿਟਜ - ਮਾਰਿਸ ਨੇ ਕਿਹਾ ਕਿ ਕਾਕਸ ਬੈਠਕ ਵਿੱਚ ਕੀ ਹੋਇਆ, ਇਸ 'ਤੇ ਟਿੱਪਣੀ ਨਹੀਂ ਕਰਨਗੇ ਕਿਉਂਕਿ ਉਨ੍ਹਾਂ ਬੈਠਕਾਂ ਨੂੰ ਨਿੱਜੀ ਮੰਨਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਜੋਲੀ ਸੰਪਰਕ ਵਿੱਚ ਹਨ ਅਤੇ ਉਨ੍ਹਾਂ ਨੇ ਲੀਡਰਸ਼ਿਪ ਦੇ ਸਾਰੇ ਉਮੀਦਵਾਰਾਂ ਨੂੰ ਬਰੀਫਿੰਗ ਦੀ ਪੇਸ਼ਕਸ਼ ਕੀਤੀ ਹੈ ਅਤੇ ਹਾਲ ਦੇ ਹਫ਼ਤਿਆਂ ਦੌਰਾਨ ਕੈਨੇਡਾ - ਅਮਰੀਕਾ ਸਬੰਧਾਂ ਬਾਰੇ ਕਈ ਵੱਖ - ਵੱਖ ਲੋਕਾਂ ਨਾਲ ਚੱਲਦੀ ਗੱਲਬਾਤ ਬਾਰੇ ਦੱਸਿਆ।

## ਅਮਰੀਕਾ ਵਿੱਚ ਭਾਰਤੀ ਵਿਦਿਆਰਥੀ ਦਾ ਗੋਲੀ ਮਾਰ ਕੇ ਕਤਲ



ਵਾਸ਼ਿੰਗਟਨ, 6 ਮਾਰਚ (ਪੋਸਟ ਬਿਊਰੋ): ਤੇਲੰਗਾਨਾ ਦੇ ਰਹਿਣ ਵਾਲੇ ਵਿਦਿਆਰਥੀ ਪ੍ਰਵੀਨ ਕੁਮਾਰ (27) ਦੀ ਬੁੱਧਵਾਰ ਨੂੰ ਅਮਰੀਕਾ ਦੇ ਵਿਸਕਾਨਸਿਨ ਵਿੱਚ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ। ਪ੍ਰਾਵੀਣ 2023 ਵਿੱਚ ਆਪਣੀ ਬੀ.ਟੈਕ ਪੂਰੀ ਕਰਨ ਤੋਂ ਬਾਅਦ ਅਮਰੀਕਾ ਚਲਿਆ ਗਿਆ।

ਪ੍ਰਵੀਣ ਦੇ ਕੁਝ ਦੋਸਤਾਂ ਨੇ ਦੱਸਿਆ ਕਿ ਉਸਦੀ ਲਾਸ਼ ਗੋਲੀਆਂ ਨਾਲ ਭੁੰਨੀ ਮਿਲੀ ਸੀ। ਹਾਲਾਂਕਿ, ਉਸਦੀ ਮੌਤ ਦੇ ਹਾਲਾਤ ਅਸਪਸ਼ਟ ਹਨ। ਇਹ ਸ਼ੱਕ ਹੈ ਕਿ ਉਸਦੀ ਹੱਤਿਆ ਲੁੱਟ ਦੀ ਕੋਸ਼ਿਸ਼ ਦੌਰਾਨ ਹੋਈ ਹੈ।

ਪ੍ਰਵੀਨ ਮਿਲਵਾਕੀ, ਵਿਸਕਾਨਸਿਨ ਵਿੱਚ ਐੱਮਐੱਸ ਕਰ ਰਿਹਾ ਸੀ। ਬੁੱਧਵਾਰ ਸਵੇਰੇ (ਭਾਰਤੀ ਸਮੇਂ ਅਨੁਸਾਰ), ਅਮਰੀਕੀ ਅਧਿਕਾਰੀਆਂ ਨੇ ਉਸਦੇ ਪਰਿਵਾਰ ਨੂੰ ਉਸਦੀ ਮੌਤ ਬਾਰੇ ਸੂਚਿਤ ਕੀਤਾ।

## ਹਾਈਵੇ 7 'ਤੇ ਕਾਰ ਤੇ ਟ੍ਰੈਕਟਰ-ਟ੍ਰੇਲਰ ਦੀ ਟੱਕਰ 'ਚ ਓਟਵਾ ਦੇ ਵਿਅਕਤੀ ਦੀ ਮੌਤ

ਓਟਵਾ, 6 ਮਾਰਚ (ਪੋਸਟ ਬਿਊਰੋ): ਓਟਵਾ ਦੇ ਪੱਛਮ ਵਿੱਚ ਹਾਈਵੇ 7 'ਤੇ ਆਹਮਣੇ-ਸਾਹਮਣੇ ਹੋਈ ਵਾਹਨਾਂ ਦੀ ਟੱਕਰ 'ਚ ਓਟਾਵਾ ਦੇ ਇੱਕ 54 ਸਾਲ ਦਾ ਵਿਅਕਤੀ ਦੀ ਮੌਤ ਹੋ ਗਈ। ਬੁੱਧਵਾਰ ਸਵੇਰੇ 5 ਵਜੇ ਦੇ ਕਰੀਬ ਇਨਿਸਵਿਲੇ ਦੇ ਪੂਰਬ ਵਿੱਚ ਵ੍ਹਾਈਟ ਦੇ ਨਜ਼ਦੀਕ ਹਾਈਵੇ 7 'ਤੇ ਹੋਈ ਦੁਰਘਟਨਾ ਮਗਰੋਂ ਐਮਰਜੈਂਸੀ ਟੀਮ ਨੂੰ ਬੁਲਾਇਆ ਗਿਆ ਸੀ। ਪੁਲਿਸ ਦਾ ਕਹਿਣਾ ਹੈ ਕਿ ਜਾਂਚ ਤੋਂ ਪਤਾ ਲੱਗਦਾ ਹੈ ਕਿ ਹਾਈਵੇ ਦੀ ਪੂਰਬੀ ਲੇਨ ਵਿੱਚ ਪੱਛਮੀ ਲੇਨ ਤੋਂ ਐੱਸ.ਯੂ.ਵੀ ਤੇ ਟ੍ਰੈਕਟਰ - ਟ੍ਰੇਲਰ ਵਿੱਚ ਟੱਕਰ ਹੋ ਗਈ। ਐੱਸ.ਯੂ.ਵੀ. ਚਾਲਕ ਦੀ ਮੌਕੇ 'ਤੇ ਹੀ ਮੌਤ ਹੋ ਗਈ। ਟ੍ਰਾਂਸਪੋਰਟ ਟਰੱਕ ਦੇ ਚਾਲਕ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ। ਦੁਰਘਟਨਾ ਦੀ ਜਾਂਚ ਜਾਰੀ ਹੈ, ਜਿਸ ਵਿੱਚ ਲੈਨਾਰਕ ਕਾਉਂਟੀ ਓਪੀਪੀ ਡਿਟੈਚਮੇਂਟ ਦੇ ਅਧਿਕਾਰੀ ਓਪੀਪੀ ਟਕਰਾਓ ਪੁਨਰਨਿਰਮਾਣਕਰਤਾ ਅਤੇ ਤਕਨੀਕੀ ਟਕਰਾਓ ਜਾਂਚ ਦਲ ਦੇ ਮੈਂਬਰਾਂ ਨਾਲ ਕੰਮ ਕਰ ਰਹੇ ਹਨ। ਜਾਂਚ ਲਈ ਹਾਈਵੇ 7 ਨੂੰ ਬੰਦ ਕਰ ਦਿੱਤਾ ਗਿਆ ਸੀ, ਪਰ ਦੁਪਹਿਰ 12:40 ਵਜੇ ਦੇ ਕਰੀਬ ਇਸਨੂੰ ਫਿਰ ਤੋਂ ਖੋਲ੍ਹ ਦਿੱਤਾ ਗਿਆ।

# ਐੱਲ.ਸੀ.ਬੀ.ਓ. ਸਟੋਰਾਂ ਤੋਂ ਕਰੀਬ 2 ਲੱਖ 40 ਹਜ਼ਾਰ ਡਾਲਰ ਦੀ ਸ਼ਰਾਬ ਚੋਰੀ

### ਭਾਰਤੀ ਮੂਲ਼ ਦੇ ਸੱਤ ਵਿਅਕਤੀਆਂ ਦੀ ਭਾਲ ਕਰ ਰਹੀ ਪੁਲਿਸ

ਟੋਰਾਂਟੋ, 6 ਮਾਰਚ (ਪੋਸਟ ਬਿਊਰੋ): ਗਰੇਟਰ ਟੋਰਾਂਟੋ ਏਰਿਆ ਵਿੱਚ ਐੱਲ.ਸੀ.ਬੀ.ਓ. ਸਟੋਰਾਂ ਨੂੰ ਨਿਸ਼ਾਨਾ ਬਣਾ ਕੇ ਸਰਗਰਮ ਚੋਰ ਗਿਰੋਹ ਨੇ ਲੱਗਭੱਗ 2 ਲੱਖ 40 ਹਜ਼ਾਰ ਡਾਲਰ ਦੇ ਉਤਪਾਦ ਚੋਰੀ ਕਰ ਲਏ ਹਨ। ਪੀਲ ਰੀਜਨਲ ਪੁਲਿਸ ਨੇ ਬੁੱਧਵਾਰ ਨੂੰ ਗ਼ੈਰਕਾਨੂੰਨੀ ਆਪ੍ਰੇਸ਼ਨ ਵਿੱਚ ਕਥਿਤ ਰੂਪ ਨਾਲ ਸ਼ਾਮਲ ਪੰਜ ਵਿਅਕਤੀਆਂ ਦੀ ਗ੍ਰਿਫ਼ਤਾਰੀ ਦਾ ਐਲਾਨ ਕੀਤਾ, ਜਿਨ੍ਹਾਂ ਬਾਰੇ ਜਾਂਚਕਰਤਾਵਾਂ ਦਾ ਮੰਨਣਾ ਹੈ ਕਿ ਇਹ ਆਪ੍ਰੇਸ਼ਨ ਅਗਸਤ, 2024 ਵਿੱਚ ਸ਼ੁਰੂ ਹੋਇਆ ਸੀ ਅਤੇ ਬੀਤੇ ਮਹੀਨੇ ਤੱਕ ਜਾਰੀ ਰਿਹਾ।

ਗਿਰੋਹ ਨੇ ਕਥਿਤ ਤੌਰ 'ਤੇ ਉਸ ਦੌਰਾਨ ਐੱਲ.ਸੀ.ਬੀ.ਓ. ਦੇ 50 ਸਥਾਨਾਂ ਨੂੰ ਨਿਸ਼ਾਨਾ ਬਣਾਇਆ ਅਤੇ ਕੁਲ 2 ਲੱਖ 37 ਹਜ਼ਾਰ 738.95 ਡਾਲਰ ਦੀ ਸ਼ਰਾਬ ਚੋਰੀ ਕਰਨ ਲਈ 'ਕ੍ਰਮਬੱਧ' ਤਕਨੀਕਾਂ ਦੀ ਵਰਤੋਂ ਕੀਤੀ। ਜਾਂਚਕਰਤਾਵਾਂ ਦਾ ਕਹਿਣਾ ਹੈ ਕਿ ਕਈ ਮੌਕਿਆਂ 'ਤੇ ਕਈ ਸ਼ੱਕੀ ਇਕੱਠੇ ਸਟੋਰਾਂ 'ਤੇ ਪਹੁੰਚੇ ਅਤੇ






ਮੁਲਾਜ਼ਮਾਂ ਦਾ ਧਿਆਨ ਭਟਕਾਇਆ। ਪੁਲਿਸ ਵੱਲੋਂ ਜਾਰੀ ਤਸਵੀਰਾਂ ਵਿੱਚ ਸ਼ੱਕੀਆਂ ਨੂੰ ਸਟੋਰਾਂ ਤੋਂ ਵੱਡੀ ਮਾਤਰਾ ਵਿੱਚ ਸ਼ਰਾਬ ਨੂੰ ਬਕਸਿਆਂ ਅਤੇ ਪੁਸ਼ ਕਾਰਟ ਵਿੱਚ ਭਰਕੇ ਲਿਜਾਂਦੇ ਵੇਖਿਆ ਜਾ ਸਕਦਾ ਹੈ।

ਪੁਲਿਸ ਨੇ ਪੰਜ ਸ਼ੱਕੀਆਂ ਦੀ ਪਛਾਣ ਅਨੁਜ ਕੁਮਾਰ (25), ਸਿਮਰਪ੍ਰੀਤ ਸਿੰਘ (29), ਸ਼ਰਨਦੀਪ ਸਿੰਘ (25), ਸਿਮਰਨਜੀਤ ਸਿੰਘ (24) ਦੇ ਰੂਪ 'ਚ ਕੀਤੀ ਹੈ, ਜਿਨ੍ਹਾਂ ਵਿਚੋਂ ਕਿਸੇ ਦਾ ਕੋਈ ਨਿਸ਼ਚਿਤ ਪਤਾ ਨਹੀਂ ਹੈ ਅਤੇ ਕੈਲੇਡਨ ਦੇ ਪ੍ਰਭਪ੍ਰੀਤ ਸਿੰਘ (29) 'ਤੇ 5 ਹਜ਼ਾਰ ਡਾਲਰ ਤੋਂ ਵੱਧ ਦੀ ਚੋਰੀ ਦਾ ਦੋਸ਼ ਹੈ। ਸ਼ਰਨਦੀਪ, ਸਿਮਰਨਜੀਤ ਅਤੇ ਪ੍ਰਭਪ੍ਰੀਤ 'ਤੇ ਰਿਹਾਈ ਹੁਕਮ ਦੀ ਉਲੰਘਣਾ, ਅਪਰਾਧ ਕਰਨ ਦੇ ਇਰਾਦੇ ਨਾਲ ਭੰਨਤੋੜ ਤੇ ਅਪਰਾਧ ਕਰਨ ਲਈ ਸਾਜਿਸ਼ ਰਚਣ ਦੇ ਦੋਸ਼ ਹਨ। ਪੁਲਿਸ ਨੇ ਦੋ ਹੋਰ ਸ਼ੱਕੀਆਂ ਦੀ ਪਛਾਣ ਜਗਸ਼ੀਰ ਸਿੰਘ (28) ਅਤੇ ਪਵਿੱਤਰ ਸੇਹਜਰਾ (25) ਦੇ ਰੂਪ ਵਿੱਚ ਕੀਤੀ ਹੈ, ਜਿਨ੍ਹਾਂ ਦਾ ਕੋਈ ਨਿਸ਼ਚਿਤ ਪਤਾ ਨਹੀਂ ਹੈ ਤੇ ਉਨ੍ਹਾਂ ਦੀ ਭਾਲ ਕੀਤੀ ਜਾ ਰਹੀ ਹੈ।




# ਕੈਨੇਡਾ ਵਿੱਚ ਨਵੇਂ ਹੋ?

ਕੈਨੇਡਾ ਵਿੱਚ ਜੀਵਨ ਦੇ ਨਾਲ ਤਾਲਮੇਲ ਬਿਠਾਉਣ ਵਿੱਚ ਤੁਹਾਡੀ ਮਦਦ ਕਰਨ ਲਈ ਸੇਵਾਵਾਂ ਉਪਲਬਧ ਹਨ। ਭਾਵੇਂ ਤੁਸੀਂ ਕੁਝ ਮਹੀਨਿਆਂ ਤੋਂ ਜਾਂ ਕੁਝ ਸਾਲਾਂ ਤੋਂ ਇੱਥੇ ਰਹਿ ਰਹੇ ਹੋ, ਕੈਨੇਡਾ ਵਿੱਚ ਸਫਲ ਜੀਵਨ ਬਣਾਉਣ ਦੇ ਦੌਰਾਨ ਦੋਸਤਾਨਾ ਅਤੇ ਤਜਰਬੇਕਾਰ ਪੇਸ਼ੇਵਰ ਤੁਹਾਡੀ ਮਦਦ ਕਰ ਸਕਦੇ ਹਨ।

ਉਹ ਤੁਹਾਡੀ ਸਹਾਇਤਾ ਕਰ ਸਕਦੇ ਹਨ

- ਨੌਕਰੀ ਲੱਭਣ ਵਿੱਚ
- ਤੁਹਾਡੀ ਅੰਗਰੇਜ਼ੀ ਜਾਂ ਫ੍ਰੈਂਚ ਨੂੰ ਬਿਹਤਰ ਬਣਾਉਣ ਲਈ ਭਾਸ਼ਾ ਦੀ ਸਿਖਲਾਈ ਪ੍ਰਾਪਤ ਕਰਨ ਵਿੱਚ
- ਲੋਕਾਂ ਨੂੰ ਮਿਲਣ ਅਤੇ ਆਪਣੇ ਸਥਾਨਕ ਭਾਈਚਾਰੇ ਨਾਲ ਜੁੜਨ ਵਿੱਚ
- ਸੈਟਲਮੇਂਟ ਸੇਵਾਵਾਂ ਤੱਕ ਪਹੁੰਚ ਕਰਨ ਲਈ ਚਾਇਲਡ ਕੇਅਰ ਅਤੇ ਆਵਾਜਾਈ ਦਾ ਪਤਾ ਲਗਾਉਣ ਵਿੱਚ

IRCC 3959



ਆਪਣੇ ਨੇੜੇ ਨਵੇਂ ਆਉਣ ਵਾਲਿਆਂ ਲਈ ਸੇਵਾਵਾਂ ਲੱਭਣ ਲਈ **Canada.ca/newcomer-Punjabi** 'ਤੇ ਜਾਓ।

Immigration, Refugees and Citizenship Canada
Immigration, Réfugiés et Citoyenneté Canada
Canada



FreshPro FOODMART
Castlemore Rd
Williams Pkwy
Airport Rd
Queen St E
FreshPro
9125 Airport Rd, Brampton, ON, L6S 0B8
Tel: 905-799-9001 | www.freshprofoodmart.com
OPEN 7 DAYS A WEEK | 9AM TO 9PM
BRAMPTON LOCATION
OPENING SALE
FreshPro FOODMART
IF Coconut Water 350ml 77¢/EA
Shing Kee Sriracha Chili Sauce 793g $1.57/EA
Unico 100% Pure Vegetable Oil 2L $5.99/EA
Global Choice Premium Quality Urad Whole 4lb $5.99/EA
Astro Yogourt Series 750g $2.99/EA
Patty King Patties Series 1.4kg $9.99/EA
Sanford New Zealand Greenshell Mussels 2lb $8.99/EA
Fresh Chicken Leg Meat $3.29/LB
Bone-In Beef Shank $3.99/LB
Boneless Pork Butt $2.39/LB
Frozen Mutton Shoulder $2.88/LB
Smoked Pork Picnic Shoulder $3.99/LB
Fresh Whole Salmon $3.99/LB
Frozen Fresh Squid U3/4 $3.99/LB
10lb Onions $2.99/BAG
Yellow Papaya 99¢/LB
PRODUCE
Brown Shimeiji Mushroom 150g 99¢/EA
White Shimeiji Mushroom 150g 99¢/EA
Napa Cabbage 79¢/LB
Head On Spinach $1.79/LB
Shanghai Bok $1.28/LB
Cassava 99¢/LB
Butternut Squash 69¢/LB
Jamaican Yellow Yam $3.88/LB
Indian Parwal $4.99/LB
Indian Guar Bean $4.99/LB
Indian Eddo $4.99/LB
Golden Delicious Apple in Bag 5lbs $4.88/BAG
Red Delicious Apple in Bag 5lbs $4.88/BAG
Sunkist Orange LARGE $1.59/LB
Sweet Clementines $1.79/LB
BY AIR
MEAT + SEAFOOD
Rougie Duck Foie Gras $14.99/EA
Pork Jowl Meat $6.99/LB
Best Choice Beef Brisket Roll $6.99/LB
Beef Tripe $3.99/LB
Frozen Young Duck $4.99/LB
Young Chicken $1.99/LB
Pork Ear $3.99/LB
Beef Neck Bone $2.99/LB
Frozen Fresh Cutlass Fish $2.99/LB
Frozen Fresh Lobster $3.99/LB
Live Shell On Oyster $3.99/EA
Fresh Indian Ocean White Pomfret $12.99/LB
Fresh Black Tiger Shrimp 16-25 $6.99/LB
Frozen Fresh Tilapia $2.59/LB
Guyanese Gilbeka $5.59/LB
Guyanese Bangamary Fillet $4.99/LB
GROCERY
Grace Coconut Milk Powder 50g 77¢/EA
Vita Malt Classic Non-Alcoholic Malt Beverage 330ml $1.00/EA
Ovaltine Cookies 150g $1.57/EA
Grace Dry Pigeon Peas 540ml $1.57/EA
Grace Dry Lima Beans 540ml $1.99/EA
Y&Y 3 Minute Chow Mein 454g $1.99/EA
Nescafe 1+2 Instant Coffee 10x15g $1.99/EA
Pringles Assorted Potato Chips 156g $2.77/EA
Geeta Trinidad Style Green Seasoning 946ml $5.99/EA
Mr. Goudas Calrose Rice 15lb $10.99/EA
Handi Roasted Chana 400g $1.77/EA
Britannia 50 50 Sweet & Salty Crackers Family Pack 372g $1.99/EA
Quality Soya Chunks 400g $1.99/EA
Tiger Brand Tamarind Paste (Seedless) 400g $1.99/EA
UFC Tamis Anghang Banana Sauce 500g $1.99/EA
Savoy Coconut Cream 400ml $2.59/EA
Sunny D Smooth/Tangy Orange Citrus Punch 3.78L $4.99/EA
Sher Super Fine Besan Chana Flour 4lb $4.99/EA
Quality Moong Sabut 4lb $5.99/EA
Lipton Yellow Label Loose Tea 900g $10.99/EA
FROZEN + DAIRY
Pran Plain Paratha 2400g $5.99/EA
Frozen Basa Steak 600g $2.59/EA
Frozen Mackerel BY WEIGHT $1.99/LB
AA-1 Galungong 454g $1.99/EA
3Fish Swimming Crab 500g $3.99/EA
Choripdong Assorted Fish Balls 500g $3.99/EA
26/30 Easy Peel White Shrimp 2lb $10.99/EA
O'Ya Hoho IQF Chopped Spinach 750g 2/$3.00
TYJ Spring Roll Pastry 8inch 275g $1.29/EA
Apna Taste Rasmalai Series 850g $7.99/EA
Neilson Milkshake Series 310g 2/$3.00
Bob's Bacon 375g 2/$5.00
BAKERY
Crispy Roti 15pcs 750g $2.99/EA
HTB Spiced Bun 130g 99¢/EA
Golden Punjabi Biscuit Series 1.1kg $5.99/EA
Crispy Pound Cake Series 368g $2.99/EA
Taza Tandoori Naans Series 680g 2/$5.00
RESTAURANT WHOLESALE
50lb Carrot $22.99/BAG
50lb Onion $19.99/BAG
50lb Potato $22.99/BAG
Beef Outside Round $5.59/LB
Chicken Leg Meat 25kg $180.00/CASE
Bulacan Banana Leaves 20x454g $28.00/CASE
White Eggs 6x30pcs $55.00/CASE
Vegetable Spring Roll 1kg $35.00/CASE
Spring Home TYJ Spring Roll Pastry 8.5inch 20 sheet x 40pks $55.00/CASE
Golden Ray Sunflower Oil 5L $12.99/EA
Mr. Goudas Long Grain Palakkadan Matta Rice 22lb $18.99/EA
* Check price on store display tags in case of disrepancy due to printing error in the advertisement. FreshPro Foodmart reserves the right to limit quantities. No raincheck.

# TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ

Harcharan S. Grover
Chartered Accountant

Call for Professional Advice
905.247.0193
info@grovercpa.ca

GroVerCPA Professional Corporation

214-7895 Tranmere Drive, Mississauga ON L5S 1V9


## ਡੈਲਟਾ ਦੁਰਘਟਨਾ ਵਿੱਚ ਚਾਲਕ ਵੱਲੋਂ ਸ਼ਰਾਬ ਦਾ ਸੇਵਨ ਕਰਕੇ ਗੱਡੀ ਚਲਾਉਣ ਦਾ ਸ਼ੱਕ



ਵੈਨਕੂਵਰ, 6 ਮਾਰਚ (ਪੋਸਟ ਬਿਊਰੋ): ਡੈਲਟਾ, ਬੀ.ਸੀ. ’ਚ ਬੁੱਧਵਾਰ ਦੁਪਹਿਰ ਹੋਈ ਦੁਰਘਟਨਾ ਵਿਚ ਪੁਲਿਸ ਨੂੰ ਸ਼ੱਕ ਹੈ ਕਿ ਇਹ ਹਾਦਸਾ ਸ਼ਰਾਬ ਦਾ ਸੇਵਨ ਕਰਕੇ ਵਾਹਨ ਚਲਾਉਣ ਕਾਰਨ ਵਾਪਰਿਆ ਸੀ, ਜਿਸ ਵਿੱਚ ਤਿੰਨ ਲੋਕ ਜ਼ਖ਼ਮੀ ਹੋ ਗਏ। ਡੈਲਟਾ ਪੁਲਿਸ ਨੇ ਕਿਹਾ ਕਿ ਦੁਪਹਿਰ 3 ਵਜੇ ਦੇ ਕਰੀਬ 62ਬੀ ਸਟਰੀਟ ਅਤੇ 60 ਐਵੇਨਿਊ ਕੋਲ ਦੋ ਵਾਹਨ ਆਹਮਣੇ-ਸਾਹਮਣੇ ਟਕਰਾ ਗਏ ਸਨ।

ਹਾਦਸੇ ਤੋਂ ਬਾਅਦ ਇੱਕ ਚਾਲਕ ਨੂੰ ਖ਼ਰਾਬ ਡਰਾਈਵਿੰਗ ਲਈ ਹਿਰਾਸਤ ਵਿੱਚ ਲਿਆ ਗਿਆ ਹੈ। ਦੋਵਾਂ ਚਾਲਕਾਂ ਅਤੇ ਦੂਜੇ ਵਾਹਨ ਵਿੱਚ ਸਵਾਰ ਇੱਕ ਯਾਤਰੀ ਨੂੰ ਹਸਪਤਾਲ ਲਿਜਾਇਆ ਗਿਆ, ਜਿਨ੍ਹਾਂ ਵਿਚੋਂ ਇੱਕ ਵਿਅਕਤੀ ਦੀ ਹਾਲਤ ਗੰਭੀਰ ਹੈ। ਦੁਰਘਟਨਾ ਤੋਂ ਸੜਕ ਦੋਵਾਂ ਪਾਸਿਓਂ ਬੰਦ ਕਰਨਾ ਪਿਆ। ਜਾਂਚਕਰਤਾਵਾਂ ਨੇ ਕਿਸੇ ਵੀ ਸੰਭਾਵਤ ਗਵਾਹ ਜਾਂ ਟੱਕਰ ਦਾ ਡੈਸ਼ ਕੈਮ ਵੀਡੀਓ ਰੱਖਣ ਵਾਲੇ ਵਿਅਕਤੀ ਨੂੰ ਡੈਲਟਾ ਪੁਲਿਸ ਵਿਭਾਗ ਨਾਲ ਸੰਪਰਕ ਕਰਨ ਦੀ ਅਪੀਲ ਕੀਤੀ ਹੈ।

## ਬੰਧਕਾਂ ਨੂੰ ਰਿਹਾਅ ਕਰੋ, ਨਹੀਂ ਤਾਂ ਮਾਰੇ ਜਾਵੋਗੇ, ਟਰੰਪ ਦੀ ਹਮਾਸ ਨੂੰ ਚਿਤਾਵਨੀ



ਵਾਸ਼ਿੰਗਟਨ, 6 ਮਾਰਚ (ਪੋਸਟ ਬਿਊਰੋ): ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਹਮਾਸ ਨੂੰ ਚਿਤਾਵਨੀ ਦਿੱਤੀ ਹੈ ਕਿ ਉਹ ਸਾਰੇ ਬੰਧਕਾਂ ਨੂੰ ਹੁਣੇ ਰਿਹਾਅ ਕਰੇ, ਬਾਅਦ ਵਿੱਚ ਨਹੀਂ। ਜਿਨ੍ਹਾਂ ਲੋਕਾਂ ਨੂੰ ਤੁਸੀਂ ਮਾਰਿਆ ਹੈ, ਉਨ੍ਹਾਂ ਦੀਆਂ ਲਾਸ਼ਾਂ ਤੁਰੰਤ ਵਾਪਿਸ ਕਰ ਦਿਓ ਨਹੀਂ ਤਾਂ ਤੁਹਾਡਾ ਕੰਮ ਖਤਮ ਹੋ ਜਾਵੇਗਾ। ਸਿਰਫ਼ ਬਿਮਾਰ ਅਤੇ ਵਿਗੜੇ ਹੋਏ ਲੋਕ ਹੀ ਲਾਸ਼ਾਂ ਰੱਖਦੇ ਹਨ। ਤੁਸੀਂ ਬਿਮਾਰ ਅਤੇ ਵਿਗੜੇ ਹੋਏ ਹੋ।

ਵ੍ਹਾਈਟ ਹਾਊਸ ਨੇ ਬੁੱਧਵਾਰ ਦੇਰ ਰਾਤ ਕਿਹਾ ਕਿ ਗਾਜ਼ਾ ਬੰਧਕਾਂ ਦੇ ਮੁੱਦੇ ’ਤੇ ਕਤਰ ਦੀ ਰਾਜਧਾਨੀ ਦੋਹਾ ਵਿੱਚ ਅਮਰੀਕਾ ਅਤੇ ਹਮਾਸ ਵਿਚਕਾਰ ਸਿੱਧੀ ਗੱਲਬਾਤ ਹੋਈ। ਵ੍ਹਾਈਟ ਹਾਊਸ ਦੀ ਪ੍ਰੈੱਸ ਸਕੱਤਰ ਕੈਰੋਲੀਨ ਲੇਵਿਟ ਨੇ ਕਿਹਾ ਸੀ ਕਿ ਗੱਲਬਾਤ ਤੋਂ ਪਹਿਲਾਂ ਇਜ਼ਰਾਈਲ ਨਾਲ ਵੀ ਸਲਾਹ-ਮਸ਼ਵਰਾ ਕੀਤਾ ਗਿਆ ਸੀ।

ਇਜ਼ਰਾਈਲੀ ਪ੍ਰਧਾਨ ਮੰਤਰੀ ਬੈਂਜਾਮਿਨ ਨੇਤਨਯਾਹੂ ਦੇ ਦਫ਼ਤਰ ਨੇ ਇਸ ਗੱਲਬਾਤ ਬਾਰੇ ਜਾਣਕਾਰੀ ਦਿੱਤੀ। ਇਜ਼ਰਾਈਲੀ ਅਧਿਕਾਰੀਆਂ ਦਾ ਕਹਿਣਾ ਹੈ ਕਿ ਗਾਜ਼ਾ ਵਿੱਚ ਹਾਲੇ ਵੀ ਲਗਭਗ 24 ਜ਼ਿੰਦਾ ਬੰਧਕ ਹਨ। ਇਨ੍ਹਾਂ ਵਿੱਚ ਇੱਕ ਅਮਰੀਕੀ ਨਾਗਰਿਕ, ਏਡੇਨ ਅਲੈਗਜ਼ੈਂਡਰ ਸ਼ਾਮਿਲ ਹੈ। ਇਨ੍ਹਾਂ ਤੋਂ ਇਲਾਵਾ, ਘੱਟੋ-ਘੱਟ 35 ਹੋਰ ਲੋਕ ਵੀ ਸ਼ਾਮਿਲ ਹਨ।

## ਭਾਰਤ ਦੇ ਵਿਦੇਸ਼ ਮੰਤਰੀ ਜੈਸ਼ੰਕਰ ਨੇ ਟਰੰਪ ਦੇ ਫੈਸਲਿਆਂ ਨੂੰ ਭਾਰਤ ਦੇ ਹਿੱਤ ਵਿਚ ਦੱਸਿਆ

ਲੰਡਨ, 6 ਮਾਰਚ (ਪੋਸਟ ਬਿਊਰੋ): ਵਿਦੇਸ਼ ਮੰਤਰੀ ਐੱਸ. ਜੈਸ਼ੰਕਰ ਨੇ ਕਿਹਾ ਕਿ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਦੀ ਅਗਵਾਈ ਵਿਚ ਅਮਰੀਕੀ ਪ੍ਰਸ਼ਾਸਨ ਬਹੁਧਰੁਵੀ ਪ੍ਰਬੰਧ ਵੱਲ ਵੱਧ ਰਿਹਾ ਹੈ ਜੋ ਭਾਰੀ ਹਿੱਤਾਂ ਦੇ ਅਨੁਕੂਲ ਹੈ ਤੇ ਦੋਵਾਂ ਮੁਲਕਾਂ ਨੇ ਦੁਵੱਲੇ ਵਪਾਰ ਸਮਝੌਤੇ ਦੀ ਲੋੜ ’ਤੇ ਸਹਿਮਤੀ ਦਿੱਤੀ ਹੈ।

ਲੰਡਨ ਵਿਚ ਬੁੱਧਵਾਰ ਸ਼ਾਮ ਨੂੰ ‘ਵਿਸ਼ਵ ਵਿਚ ਭਾਰਤ ਦਾ ਉਦੈ ਤੇ ਭੂਮਿਕਾ’ ਸਿਰਲੇਖ ਵਾਲੇ ਸੈਸ਼ਨ ਦੌਰਾਨ ਵਿਦੇਸ਼ ਮੰਤਰੀ ਜੈਸ਼ੰਕਰ ਤੋਂ ਨਵੀਂ ਅਮਰੀਕੀ ਸਰਕਾਰ ਵੱਲੋਂ ਸ਼ੁਰੂਆਤੀ ਕੁਝ ਹਫ਼ਤਿਆਂ ਵਿਚ ਚੁੱਕੇ ਗਏ ਕਦਮਾਂ ਖਾਸ ਤੌਰ ’ਤੇ ਟਰੰਪ ਦੀ ਟੈਕਸ ਯੋਜਨਾ ਬਾਰੇ ਸਵਾਲ ਕੀਤਾ ਗਿਆ ਸੀ।

ਜੈਸ਼ੰਕਰ ਨੇ ਕਿਹਾ ਕਿ ਅਸੀਂ ਇਕ ਅਜਿਹੇ ਰਾਸ਼ਟਰਪਤੀ ਤੇ ਪ੍ਰਸ਼ਾਸਨ ਨੂੰ ਦੇਖ ਰਹੇ ਹਾਂ ਜੋ ਬਹੁਧਰੁਵੀ ਪ੍ਰਬੰਧ ਵੱਲ ਵੱਧ ਰਿਹਾ ਹੈ ਤੇ ਇਹ ਭਾਰਤ ਦੇ ਅਨੁਕੂਲ ਹੈ। ਜੈਸ਼ੰਕਰ ਬਰਤਾਨੀਆ ਤੇ ਆਇਰਲੈਂਡ ਦੇ ਦੋ ਰੋਜ਼ਾ ਦੌਰੇ ’ਤੇ ਹਨ। ਉਨ੍ਹਾਂ ਕਿਹਾ ਕਿ ਰਾਸ਼ਟਰਪਤੀ ਟਰੰਪ ਦੇ ਨਜ਼ਰੀਏ ਤੋਂ ਸਾਡੇ ਕੋਲ ਇਕ ਵੱਡਾ ਸਾਂਝਾ ਮੰਚ ‘ਕੁਆਡ’ ਹੈ, ਜੋ ਇਕ ਅਜਿਹੀ ਸਮਝ ਹੈ ਜਿੱਥੇ ਹਰ ਕੋਈ ਆਪਣਾ ਵਾਜਬ ਹਿੱਸਾ ਪਾਉਂਦਾ ਹੈ, ਇਸ ਵਿਚ ਕਿਸੇ ਨੂੰ ਮੁਫ਼ਤ ਲਾਭ ਨਹੀਂ ਮਿਲਦਾ, ਲਿਹਾਜ਼ਾ ਇਹ ਇਕ ਚੰਗਾ ਮਾਡਲ ਹੈ, ਜੋ ਕੰਮ ਕਰਦਾ ਹੈ।

‘ਕੁਆਡ’ ਵਿਚ ਅਮਰੀਕਾ, ਭਾਰਤ, ਆਸਟਰੇਲੀਆ ਤੇ ਜਾਪਾਨ ਸ਼ਾਮਿਲ ਹਨ। ਜੈਸ਼ੰਕਰ ਨੇ ਟੈਕਸ ਦੇ ਮੁੱਦੇ ’ਤੇ ਕਿਹਾ ਕਿ ਵਣਜ ਤੇ ਉਦਯੋਗ ਮੰਤਰੀ ਪਿਊਸ਼ ਗੋਇਲ ਦੁਵੱਲੇ ਵਪਾਰ ਸਮਝੌਤੇ ’ਤੇ ਚਰਚਾ ਲਈ ਫਿਲਹਾਲ ਵਾਸ਼ਿੰਗਟਨ ਵਿਚ ਹਨ। ਇਸ ਤੋਂ ਪਹਿਲਾਂ ਪਿਛਲੇ ਮਹੀਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਟਰੰਪ ਨੇ ‘ਵ੍ਹਾਈਟ ਹਾਊਸ’ ਵਿਚ ਗੱਲਬਾਤ ਕੀਤੀ ਸੀ।

ਕਸ਼ਮੀਰ ਮੁੱਦੇ ਦੇ ਹੱਲ ਬਾਰੇ ਸਵਾਲ ਦੇ ਜਵਾਬ ਵਿੱਚ ਜੈਸ਼ੰਕਰ ਨੇ ਕਿਹਾ ਕਿ ਧਾਰਾ 370 ਹਟਾਉਣਾ ਪਹਿਲਾ ਕਦਮ ਸੀ, ਕਸ਼ਮੀਰ ਵਿੱਚ ਵਿਕਾਸ ਅਤੇ ਆਰਥਿਕ ਸਰਗਰਮੀਆਂ ਅਤੇ ਸਮਾਜਿਕ ਨਿਆਂ ਦੀ ਬਹਾਲੀ ਦੂਜਾ ਕਦਮ ਸੀ ਅਤੇ ਚੋਣਾਂ ਕਰਵਾਉਣਾ ਤੀਜਾ ਕਦਮ ਸੀ, ਜਿਸ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੇ ਵੋਟ ਪਾਈ। ਉਨ੍ਹਾਂ ਕਿਹਾ ਕਿ ਮੈਨੂੰ ਲੱਗਦਾ ਹੈ ਕਿ ਅਸੀਂ ਜਿਸ ਚੀਜ਼ ਦੀ ਉਡੀਕ ਕਰ ਰਹੇ ਹਾਂ ਉਹ ਹੈ ਕਸ਼ਮੀਰ ਦੇ ਉਸ ਹਿੱਸੇ ਨੂੰ ਵਾਪਸ ਹਾਸਲ ਕਰਨਾ ਜੋ ਪਾਕਿਸਤਾਨ ਦੇ ਗੈਰ-ਕਾਨੂੰਨੀ ਕਬਜ਼ੇ ਹੇਠ ਹੈ। ਮੈਂ ਤੁਹਾਨੂੰ ਭਰੋਸਾ ਦਿਵਾਉਂਦਾ ਹਾਂ ਕਿ ਜਦੋਂ ਇਹ ਹੋਵੇਗਾ, ਕਸ਼ਮੀਰ ਮਸਲੇ ਦਾ ਹੱਲ ਹੋ ਜਾਵੇਗਾ। ਜੈਸ਼ੰਕਰ ਵੀਰਵਾਰ ਨੂੰ ਆਪਣੇ ਆਇਰਿਸ਼ ਹਮਰੁਤਬਾ ਸਾਈਮਨ ਹੈਰਿਸ ਨਾਲ ਗੱਲਬਾਤ ਕਰਨਗੇ।


ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਐ

Super Visa

- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also

Sponsor Your Family

MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Cockroaches
- Spiders & Fleas
- Carpenter Ants
- Bedbugs
- Silver Fish
- Wasps
- Racoons

Call : PARESH PATEL
(Government Approved Licensed Technician)
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney

Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜਿੰਦਗੀ ਜੀਓ

- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?

ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ

ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਨਵਾਂ ਘਾਹ ਲਵਾਉ
647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:

- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA
416-669-1423
www.purbahomes.com

SherGill Law Firm
Barrister, Solicitor & Notary Public

Services:
- Real Estate
- Residential, Commercial & Franchise
- Criminal Law
- Family Law
- Affidavit, Power Of Attorney & Notarization
- Immigration Matters

Paramjit Singh Gill
(MBA,LL.B.)
Tel: 905-790-3636

2565 Steeles Ave E Unit #20, Brampton, ON L6T 4L6

Emergency Contact:
416.910.5676
www.shergilllawfirm.ca

TechSpirit

Consultation, Installation & Servicing

Specialized in:
- Analog & IP security cameras Upgrade
- Installation & Maintenance,
- Video Doorbell Installation

Call: 905-621-4100
7-8770 The Gore Road, Brampton, ON L6P 0B1

1080p HD ਦੇ 4 ਸਿਕਿਊਰਟੀ ਕੈਮਰੇ ਸਿਰਫ $999 ਵਿੱਚ ਲਗਵਾਓ

## ਰਾਘਵ ਚੱਢਾ ਨੂੰ ਗਲੋਬਲ ਲੀਡਰਸ਼ਿਪ ਪ੍ਰੋਗਰਾਮ ਲਈ ਅਮਰੀਕਾ ਦੇ ਹਾਰਵਰਡ ਕੈਨੇਡੀ ਸਕੂਲ ਦਾ ਸੱਦਾ

ਨਵੀਂ ਦਿੱਲੀ, 6 ਮਾਰਚ (ਪੋਸਟ ਬਿਊਰੋ): ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਰਾਘਵ ਚੱਢਾ ਨੂੰ ਅਮਰੀਕਾ ਦੇ ਵੱਕਾਰੀ ਹਾਰਵਰਡ ਕੈਨੇਡੀ ਸਕੂਲ ਨੇ ਆਪਣੇ ਗਲੋਬਲ ਲੀਡਰਸ਼ਿਪ ਪ੍ਰੋਗਰਾਮ ਵਿੱਚ ਹਿੱਸਾ ਲੈਣ ਲਈ ਸੱਦਾ ਦਿੱਤਾ ਹੈ। ਇਹ ਸਨਮਾਨ ਰਾਘਵ ਚੱਢਾ ਦੇ ਰਾਜਨੀਤੀ, ਨਵੀਨਤਾ ਅਤੇ ਸਮਾਜ ਸੇਵਾ ਪ੍ਰਤੀ ਸਮਰਪਣ ਦੀ ਵਿਸ਼ਵਵਿਆਪੀ ਮਾਨਤਾ ਦਾ ਪ੍ਰਤੀਕ ਹੈ।

ਹਾਰਵਰਡ ਕੈਨੇਡੀ ਸਕੂਲ, ਵਿਸ਼ਵ ਦੀਆਂ ਪ੍ਰਮੁੱਖ ਵਿਦਿਅਕ ਸੰਸਥਾਵਾਂ ਵਿੱਚੋਂ ਇੱਕ, ਹਰ ਸਾਲ ਕੁਝ ਚੋਣਵੇਂ ਗਲੋਬਲ ਨੇਤਾਵਾਂ ਨੂੰ ਇਸ ਵੱਕਾਰੀ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਦਾ ਮੌਕਾ ਦਿੰਦਾ ਹੈ। ਪ੍ਰੋਗਰਾਮ ਭਾਗੀਦਾਰਾਂ ਨੂੰ ਜਨਤਕ ਨੀਤੀ, ਨਵੀਨਤਾ ਅਤੇ ਗਲੋਬਲ ਲੀਡਰਸ਼ਿਪ ਦੇ ਵੱਖ-ਵੱਖ ਪਹਿਲੂਆਂ 'ਤੇ ਡੂੰਘਾਈ ਨਾਲ ਅਧਿਐਨ ਕਰਨ ਅਤੇ ਵਿਚਾਰ-ਵਟਾਂਦਰੇ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਦਾ ਹੈ।

ਬੋਸਟਨ, ਕੈਮਬ੍ਰਿਜ ਵਿੱਚ 5 ਤੋਂ 13 ਮਾਰਚ ਤੱਕ ਆਯੋਜਿਤ, ਇਹ ਸਮਾਗਮ ਵਿਸ਼ਵ ਭਰ ਦੇ ਪ੍ਰਮੁੱਖ ਨੇਤਾਵਾਂ, ਨੀਤੀ ਨਿਰਮਾਤਾਵਾਂ, ਅਧਿਕਾਰੀਆਂ ਅਤੇ ਮਾਹਰਾਂ ਨੂੰ ਵਿਸ਼ਵ ਰਾਜਨੀਤੀ, ਲੀਡਰਸ਼ਿਪ ਅਤੇ ਨੀਤੀਗਤ ਨਵੀਨਤਾਵਾਂ 'ਤੇ ਚਰਚਾ ਕਰਨ ਲਈ ਇਕੱਠੇ ਕਰੇਗਾ।

ਇਸ ਮੌਕੇ ਆਪਣੀ ਖੁਸ਼ੀ ਦਾ ਪ੍ਰਗਟਾਵਾ ਕਰਦੇ ਹੋਏ ਰਾਘਵ ਚੱਢਾ ਨੇ ਕਿਹਾ, "ਮੈਂ ਹਾਰਵਰਡ ਕੈਨੇਡੀ ਸਕੂਲ ਦੇ ਗਲੋਬਲ ਲੀਡਰਸ਼ਿਪ ਪ੍ਰੋਗਰਾਮ ਵਿੱਚ ਸ਼ਾਮਲ ਹੋਣ ਦਾ ਸੱਦਾ ਪ੍ਰਾਪਤ ਕਰਕੇ ਬਹੁਤ ਹੀ ਸਨਮਾਨਿਤ ਅਤੇ ਉਤਸ਼ਾਹਿਤ ਹਾਂ। ਇਹ ਮੇਰੇ ਲਈ ਦੁਨੀਆ ਭਰ ਦੇ ਮਾਹਰਾਂ ਅਤੇ ਨੇਤਾਵਾਂ ਤੋਂ ਸਿੱਖਦੇ ਹੋਏ ਆਪਣੀ ਸਮਝ ਨੂੰ ਡੂੰਘਾ ਕਰਨ ਦਾ ਇੱਕ ਵਿਲੱਖਣ ਮੌਕਾ ਹੈ। "ਇਹ ਮੇਰੇ ਲਈ ਸੱਚਮੁੱਚ 'ਬੈਕ ਟੂ ਸਕੂਲ' ਵਰਗਾ ਮੌਕਾ ਹੈ।"

ਉਨ੍ਹਾਂ ਨੇ ਅੱਗੇ ਕਿਹਾ ਕਿ ਇਹ ਪ੍ਰੋਗਰਾਮ ਮੈਨੂੰ ਵਿਸ਼ਵ ਦ੍ਰਿਸ਼ਟੀਕੋਣ ਤੋਂ ਭਾਰਤ ਦੀਆਂ ਨੀਤੀਗਤ ਚੁਣੌਤੀਆਂ ਨੂੰ ਸਮਝਣ ਅਤੇ ਉਹਨਾਂ ਦੇ ਹੱਲ ਲੱਭਣ ਵਿੱਚ ਮਦਦ ਕਰੇਗਾ।

## ਵਿਆਹ ਦਾ ਵਾਅਦਾ ਤੋੜਨਾ ਬਲਾਤਕਾਰ ਨਹੀਂ ਹੈ, ਨਾ ਹੀ ਇਹ ਖੁਦਕੁਸ਼ੀ ਲਈ ਉਕਸਾਉਣਾ ਹੈ : ਸੁਪਰੀਮ ਕੋਰਟ

### 16 ਸਾਲ ਇਕੱਠੇ ਰਹਿਣ ਤੋਂ ਬਾਅਦ ਅਜਿਹੇ ਦੋਸ਼ ਲਗਾਉਣਾ ਗਲਤ

ਨਵੀਂ ਦਿੱਲੀ, 6 ਮਾਰਚ (ਪੋਸਟ ਬਿਊਰੋ): ਸੁਪਰੀਮ ਕੋਰਟ ਨੇ ਇੱਕ ਮਾਮਲੇ ਵਿੱਚ ਕਿਹਾ ਕਿ 16 ਸਾਲ ਤੱਕ ਲਿਵ-ਇਨ ਰਿਲੇਸ਼ਨਸ਼ਿਪ ਵਿੱਚ ਰਹਿਣ ਤੋਂ ਬਾਅਦ ਕੋਈ ਔਰਤ ਬਲਾਤਕਾਰ ਦਾ ਦੋਸ਼ ਨਹੀਂ ਲਗਾ ਸਕਦੀ। ਸਿਰਫ਼ ਵਿਆਹ ਕਰਨ ਦਾ ਵਾਅਦਾ ਤੋੜਨਾ ਹੀ ਬਲਾਤਕਾਰ ਦਾ ਮਾਮਲਾ ਨਹੀਂ ਬਣਦਾ, ਜਦੋਂ ਤੱਕ ਇਹ ਸਾਬਤ ਨਾ ਹੋ ਜਾਵੇ ਕਿ ਸ਼ੁਰੂ ਤੋਂ ਹੀ ਵਿਆਹ ਕਰਨ ਦਾ ਕੋਈ ਇਰਾਦਾ ਨਹੀਂ ਸੀ।



2022 ਵਿੱਚ, ਔਰਤ ਨੇ ਆਪਣੇ ਸਾਬਕਾ ਲਿਵ-ਇਨ ਸਾਥੀ ਵਿਰੁੱਧ ਬਲਾਤਕਾਰ ਦਾ ਕੇਸ ਦਾਇਰ ਕੀਤਾ ਸੀ। ਉਸਦਾ ਦੋਸ਼ ਸੀ ਕਿ 2006 ਵਿੱਚ ਉਸਦਾ ਸਾਥੀ ਜ਼ਬਰਦਸਤੀ ਉਸਦੇ ਘਰ ਵਿੱਚ ਦਾਖਲ ਹੋਇਆ ਅਤੇ ਉਸ ਨਾਲ ਸਰੀਰਕ ਸੰਬੰਧ ਬਣਾਏ। ਬਾਅਦ ਵਿੱਚ, ਉਸਨੇ ਵਿਆਹ ਦੇ ਬਹਾਨੇ 16 ਸਾਲਾਂ ਤੱਕ ਉਸਦਾ ਸ਼ੋਸ਼ਣ ਕੀਤਾ। ਫਿਰ ਉਸਨੇ ਇੱਕ ਹੋਰ ਔਰਤ ਨਾਲ ਵਿਆਹ ਕਰਵਾ ਲਿਆ।

ਜਸਟਿਸ ਵਿਕਰਮ ਨਾਥ ਅਤੇ ਜਸਟਿਸ ਸੰਦੀਪ ਮਹਿਤਾ ਦੇ ਬੈਂਚ ਨੇ ਫੈਸਲਾ ਸੁਣਾਉਂਦੇ ਹੋਏ ਕਿਹਾ ਕਿ ਜੇਕਰ ਕੋਈ ਔਰਤ ਇੰਨੇ ਲੰਬੇ ਸਮੇਂ ਤੱਕ ਰਿਸ਼ਤੇ ਵਿੱਚ ਰਹਿੰਦੀ ਹੈ, ਤਾਂ ਇਸਨੂੰ ਧੋਖਾਧੜੀ ਜਾਂ ਜ਼ਬਰਦਸਤੀ ਨਹੀਂ ਕਿਹਾ ਜਾ ਸਕਦਾ। ਇਹ ਬਲਾਤਕਾਰ ਦਾ ਨਹੀਂ, ਸਗੋਂ ਲਿਵ-ਇਨ ਰਿਲੇਸ਼ਨਸ਼ਿਪ ਦੇ ਵਿਗੜਨ ਦਾ ਮਾਮਲਾ ਹੈ।

ਅਦਾਲਤ ਨੇ ਸਵਾਲ ਉਠਾਇਆ ਕਿ ਇੱਕ ਪੜ੍ਹੀ-ਲਿਖੀ ਅਤੇ ਆਤਮ-ਨਿਰਭਰ ਔਰਤ ਇੰਨੇ ਸਾਲਾਂ ਤੱਕ ਕਿਸੇ ਦੇ ਧੋਖੇ ਵਿੱਚ ਕਿਵੇਂ ਰਹਿ ਸਕਦੀ ਹੈ। ਇਹ ਕਿਵੇਂ ਸੰਭਵ ਹੈ ਕਿ ਜਦੋਂ ਉਸਦਾ ਸਾਥੀ ਅਚਾਨਕ ਕਿਸੇ ਹੋਰ ਨਾਲ ਵਿਆਹ ਕਰ ਲੈਂਦਾ ਹੈ, ਤਾਂ ਉਹ ਕੇਸ ਦਾਇਰ ਕਰਦਾ ਹੈ? ਅਦਾਲਤ ਨੇ ਇਹ ਕਹਿੰਦੇ ਹੋਏ ਕੇਸ ਬੰਦ ਕਰ ਦਿੱਤਾ ਕਿ ਕੇਸ ਜਾਰੀ ਰੱਖਣਾ ਕਾਨੂੰਨੀ ਪ੍ਰਕਿਰਿਆ ਦੀ ਦੁਰਵਰਤੋਂ ਹੋਵੇਗੀ।

ਇਸੇ ਤਰ੍ਹਾਂ ਦੇ ਇੱਕ ਮਾਮਲੇ ਦੇ ਫੈਸਲੇ ਵਿੱਚ, ਸੁਪਰੀਮ ਕੋਰਟ ਨੇ ਨਵੰਬਰ, 2024 ਵਿੱਚ ਕਿਹਾ ਸੀ ਕਿ ਵਿਆਹ ਦਾ ਤੋੜਨਾ ਜਾਂ ਵਾਅਦਾ ਤੋੜਨਾ ਖੁਦਕੁਸ਼ੀ ਲਈ ਉਕਸਾਉਣਾ ਨਹੀਂ ਹੋ ਸਕਦਾ।

ਹਾਲਾਂਕਿ, ਜੇਕਰ ਅਜਿਹੇ ਵਾਅਦੇ ਟੁੱਟ ਜਾਂਦੇ ਹਨ, ਤਾਂ ਵਿਅਕਤੀ ਭਾਵਨਾਤਮਕ ਤੌਰ 'ਤੇ ਪ੍ਰੇਸ਼ਾਨ ਹੋ ਸਕਦਾ ਹੈ। ਜੇਕਰ ਉਹ ਖੁਦਕੁਸ਼ੀ ਕਰਦਾ ਹੈ, ਤਾਂ ਇਸ ਲਈ ਕਿਸੇ ਹੋਰ ਵਿਅਕਤੀ ਨੂੰ ਦੋਸ਼ੀ ਨਹੀਂ ਠਹਿਰਾਇਆ ਜਾ ਸਕਦਾ।

ਜਸਟਿਸ ਪੰਕਜ ਮਿੱਤਲ ਅਤੇ ਜਸਟਿਸ ਉਜਵਲ ਭੁਈਆਂ ਦੇ ਬੈਂਚ ਨੇ ਕਰਨਾਟਕ ਹਾਈ ਕੋਰਟ ਦੇ ਫੈਸਲੇ ਨੂੰ ਰੱਦ ਕਰ ਦਿੱਤਾ ਸੀ।

ਕਰਨਾਟਕ ਹਾਈ ਕੋਰਟ ਨੇ ਦੋਸ਼ੀ ਕਮਰੂਦੀਨ ਦਸਤਗੀਰ ਸਨਾਦੀ ਨੂੰ ਆਪਣੀ ਪ੍ਰੇਮਿਕਾ ਨਾਲ ਧੋਖਾ ਕਰਨ ਅਤੇ ਉਸਨੂੰ ਖੁਦਕੁਸ਼ੀ ਲਈ ਉਕਸਾਉਣ ਦਾ ਦੋਸ਼ੀ ਪਾਇਆ ਗਿਆ ਸੀ।

ਹਾਈਕੋਰਟ ਨੇ ਦੋਸ਼ੀ ਨੂੰ 5 ਸਾਲ ਦੀ ਕੈਦ ਅਤੇ 25,000 ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਸੀ।

ਸੁਪਰੀਮ ਕੋਰਟ ਨੇ ਇਸ ਮਾਮਲੇ ਨੂੰ ਅਪਰਾਧਿਕ ਮਾਮਲਾ ਨਹੀਂ ਮੰਨਿਆ ਸਗੋਂ ਇਸਨੂੰ ਇੱਕ ਆਮ ਬ੍ਰੇਕਅੱਪ ਕੇਸ ਮੰਨਿਆ ਸੀ। ਹਾਲਾਂਕਿ, ਸੁਪਰੀਮ ਕੋਰਟ ਤੋਂ ਪਹਿਲਾਂ, ਹੇਠਲੀ ਅਦਾਲਤ ਨੇ ਵੀ ਮੁਲਜ਼ਮਾਂ ਨੂੰ ਬਰੀ ਕਰ ਦਿੱਤਾ ਸੀ।

# ਮੁੱਖ ਮੰਤਰੀ ਵਲੋਂ ਮੋਹਾਲੀ ਵਿਖੇ ਸ਼ਹਿਰ ਦੀ ਨਿਗਰਾਨੀ ਅਤੇ ਟ੍ਰੈਫਿਕ ਪ੍ਰਬੰਧਨ ਪ੍ਰਾਜੈਕਟ ਦੇ ਪਹਿਲੇ ਪੜਾਅ ਦੀ ਸ਼ੁਰੂਆਤ

### ਸ਼ਹਿਰ ਨੂੰ ਸੁਰੱਖਿਅਤ ਅਤੇ ਅਪਰਾਧ-ਮੁਕਤ ਬਣਾਉਣ ਦਾ ਤਹੱਈਆ

ਐੱਸ.ਏ.ਐੱਸ. ਨਗਰ (ਮੋਹਾਲੀ), 6 ਮਾਰਚ (ਪੋਸਟ ਬਿਊਰੋ): ਸਾਹਿਬਜ਼ਾਦਾ ਅਜੀਤ ਨਗਰ (ਮੋਹਾਲੀ) ਨੂੰ ਹੋਰ ਸੁਰੱਖਿਅਤ ਅਤੇ ਅਪਰਾਧ-ਮੁਕਤ ਸ਼ਹਿਰ ਬਣਾਉਣ ਦੇ ਉਦੇਸ਼ ਨਾਲ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ 21.60 ਕਰੋੜ ਰੁਪਏ ਦੀ ਲਾਗਤ ਵਾਲੇ ਤਿਆਰ ਕੀਤੇ ਸਿਟੀ ਸਰਵੀਲੈਂਸ ਅਤੇ ਟ੍ਰੈਫਿਕ ਪ੍ਰਬੰਧਨ ਪ੍ਰਾਜੈਕਟ ਦੇ ਪਹਿਲੇ ਪੜਾਅ ਦਾ ਉਦਘਾਟਨ ਕੀਤਾ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਪ੍ਰਾਜੈਕਟ ਸ਼ਹਿਰੀ ਨਿਗਰਾਨੀ ਅਤੇ ਟ੍ਰੈਫਿਕ ਪ੍ਰਬੰਧਨ ਨੂੰ ਹੋਰ ਪੁਖ਼ਤਾ ਕਰਨ ਵੱਲ ਇੱਕ ਅਹਿਮ ਕਦਮ ਹੈ। ਉਨ੍ਹਾਂ ਕਿਹਾ ਕਿ ਉੱਨਤ ਏ.ਆਈ-ਆਧਾਰਤ ਨਿਗਰਾਨੀ ਅਤੇ ਟ੍ਰੈਫਿਕ ਨਿਗਰਾਨੀ ਪ੍ਰਣਾਲੀਆਂ ਨਾਲ ਲੈਸ ਇਸ ਅਤਿ-ਆਧੁਨਿਕ ਪ੍ਰਣਾਲੀ ਦਾ ਉਦੇਸ਼ ਜਨਤਕ ਸੁਰੱਖਿਆ ਨੂੰ ਬਿਹਤਰ ਬਣਾਉਣਾ, ਟ੍ਰੈਫਿਕ ਉਲੰਘਣਾਵਾਂ ਨੂੰ ਰੋਕਣਾ ਅਤੇ ਪ੍ਰਭਾਵਸ਼ਾਲੀ ਕਾਨੂੰਨ ਲਾਗੂਕਰਨ ਯਕੀਨੀ ਬਣਾਉਣਾ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ 21.60 ਕਰੋੜ ਰੁਪਏ ਦੀ ਕੁੱਲ ਲਾਗਤ ਨਾਲ ਤਿਆਰ ਹੋਇਆ ਇਹ ਪ੍ਰਾਜੈਕਟ ਸੈਕਟਰ-79, ਮੋਹਾਲੀ ਵਿਖੇ ਸਥਿਤ ਇੰਟੀਗ੍ਰੇਟਿਡ ਕਮਾਂਡ ਐਂਡ ਕੰਟਰੋਲ ਸੈਂਟਰ ਨਾਲ ਮਿਲ ਕੇ ਮੋਹਾਲੀ ਦੀਆਂ 17 ਅਹਿਮ ਥਾਵਾਂ 'ਤੇ ਲੱਗੇ 351 ਹਾਈ-ਰੈਜ਼ੋਲਿਊਸ਼ਨ ਸੀ.ਸੀ.ਟੀ.ਵੀ ਕੈਮਰਿਆਂ ਨੂੰ ਆਪਸ ਵਿੱਚ ਜੋੜੇਗਾ ਅਤੇ ਨਿਗਰਾਨੀ ਯਕੀਨੀ ਬਣਾਏਗਾ।

ਮੁੱਖ ਮੰਤਰੀ ਨੇ ਕਿਹਾ ਕਿ ਟ੍ਰੈਫਿਕ ਪ੍ਰਬੰਧਨ ਨੂੰ ਸੁਚਾਰੂ ਬਣਾਉਣ, ਜਨਤਕ ਸੁਰੱਖਿਆ ਵਧਾਉਣ ਅਤੇ ਕਾਨੂੰਨ ਲਾਗੂਕਰਨ ਦੇ ਯਤਨਾਂ ਨੂੰ ਹੋਰ ਅੱਗੇ ਵਧਾਉਣ ਲਈ ਤਿਆਰ ਕੀਤੇ ਗਏ ਇਸ ਸਿਸਟਮ ਵਿੱਚ 175 ਆਟੋਮੈਟਿਕ ਨੰਬਰ ਪਲੇਟ ਸ਼ਨਾਖ਼ਤ (ਏ.ਐਨ.ਪੀ.ਆਰ) ਕੈਮਰੇ, 50 ਲਾਲ ਬੱਤੀ ਉਲੰਘਣਾ ਡਿਟੈਕਸ਼ਨ (ਆਰ.ਐਲ.ਵੀ.ਡੀ) ਕੈਮਰੇ, ਆਮ ਨਿਗਰਾਨੀ ਲਈ 92 ਬੁਲੇਟ ਕੈਮਰੇ, ਵਧੇਰੇ ਚੌਕਸੀ ਲਈ 18 ਪੀ.ਟੀ.ਜ਼ੈੱਡ (ਪੈਨ, ਟਿਲਟ ਅਤੇ ਜ਼ੂਮ) ਕੈਮਰੇ ਅਤੇ 16 ਕੈਮਰਿਆਂ ਨਾਲ ਲੈਸ ਦੋ ਮੁੱਖ ਸਥਾਨਾਂ 'ਤੇ ਸਪੀਡ ਉਲੰਘਣਾ ਡਿਟੈਕਸ਼ਨ ਸਿਸਟਮ ਸ਼ਾਮਲ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਪਹਿਲਕਦਮੀ ਦੀ ਮੁੱਖ ਵਿਸ਼ੇਸ਼ਤਾ ਇਹ ਹੈ ਕਿ ਇਹ ਆਟੋਮੇਟਿਡ ਈ-ਚਲਾਨ ਸਿਸਟਮ ਨੂੰ ਲਾਗੂ ਕਰੇਗਾ, ਜੋ ਅੱਗੇ ਐਨ.ਆਈ.ਸੀ. ਦੇ ਵਾਹਨ ਅਤੇ ਸਾਰਥੀ ਡੇਟਾਬੇਸ ਨਾਲ ਏਕੀਕ੍ਰਿਤ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਇਸ ਪ੍ਰਾਜੈਕਟ ਤਹਿਤ ਰੈੱਡ-ਲਾਈਟ ਜੰਪਿੰਗ, ਓਵਰਸਪੀਡਿੰਗ, ਟ੍ਰਿਪਲ ਰਾਈਡਿੰਗ, ਗ਼ਲਤ ਸਾਈਡ ਡਰਾਈਵਿੰਗ, ਬਿਨਾਂ ਹੈਲਮੇਟ ਸਵਾਰੀ ਅਤੇ ਸਟਾਪ ਲਾਈਨ/ਜ਼ੈਬਰਾ ਕਰਾਸਿੰਗ ਜਿਹੀਆਂ ਉਲੰਘਣਾਵਾਂ ਲਈ ਈ-ਚਲਾਨ ਆਟੋਮੈਟਿਕ ਜੈਨਰੇਟ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਸਿਸਟਮ ਪ੍ਰਤੀ ਦਿਨ ਔਸਤਨ 5,000 ਤੋਂ 6,000 ਚਲਾਨ ਕਰੇਗਾ, ਜਿਸ ਨਾਲ ਟ੍ਰੈਫਿਕ ਨਿਯਮ ਲਾਗੂਕਰਨ ਅਤੇ ਨਿਯਮ ਦੀ ਪਾਲਣਾ ਕਰਨ ਵਿੱਚ ਕਾਫ਼ੀ ਸੁਧਾਰ ਹੋਵੇਗਾ। ਉਨ੍ਹਾਂ ਕਿਹਾ ਕਿ ਪਹਿਲੇ ਪੜਾਅ ਦੇ ਸਫਲਤਾਪੂਰਵਕ ਲਾਗੂਕਰਨ ਤੋਂ ਬਾਅਦ ਹੁਣ ਪੰਜਾਬ ਸਰਕਾਰ ਜ਼ਿਲ੍ਹੇ ਭਰ ਵਿੱਚ ਹੋਰ ਥਾਵਾਂ ਨੂੰ ਕਵਰ ਕਰਨ ਵਾਲੇ ਪ੍ਰਾਜੈਕਟ ਦੇ ਦੂਜੇ ਪੜਾਅ ਦੀ ਯੋਜਨਾ ਬਣਾ ਰਹੀ ਹੈ ਤਾਂ ਜੋ ਸ਼ਹਿਰ ਦੇ ਨਿਗਰਾਨੀ ਨੈੱਟਵਰਕ ਵਿੱਚ ਹੋਰ ਵਾਧਾ ਕੀਤਾ ਜਾ ਸਕੇ।



ਮੁੱਖ ਮੰਤਰੀ ਨੇ ਕਿਹਾ ਕਿ ਇਸ ਪ੍ਰਾਜੈਕਟ ਤਹਿਤ ਇਸ ਗੱਲ 'ਤੇ ਖ਼ਾਸ ਤਵੱਜੋ ਦਿੱਤੀ ਗਈ ਹੈ ਕਿ ਅਹਿਮ ਰਣਨੀਤਕ ਥਾਵਾਂ ਨੂੰ ਐਡਵਾਂਸ ਸੀ.ਸੀ.ਟੀ.ਵੀ ਨਿਗਰਾਨੀ, ਪ੍ਰਮੁੱਖ ਟ੍ਰੈਫਿਕ ਜੰਕਸ਼ਨਾਂ 'ਤੇ ਅਡੈਪਟਿਵ ਟ੍ਰੈਫਿਕ ਕੰਟਰੋਲ ਸਿਸਟਮ (ਏ.ਟੀ.ਸੀ.ਐਸ) ਅਤੇ ਵਾਹਨ ਐਕਚੂਏਟਿਡ ਕੰਟਰੋਲ (ਵੀ.ਏ.ਸੀ) ਨਾਲ ਏ.ਆਈ-ਸੰਚਾਲਿਤ ਪ੍ਰਣਾਲੀ ਨਾਲ ਲੈਸ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਮਾਰਟ ਟ੍ਰੈਫਿਕ ਲਾਈਟਾਂ ਸ਼ੁਰੂ ਕੀਤੀਆਂ ਜਾਣਗੀਆਂ, ਜੋ ਵਾਹਨਾਂ ਦੀ ਆਵਾਜਾਈ ਅਤੇ ਭੀੜ ਨੂੰ ਘਟਾਉਣ ਲਈ ਅਸਲ-ਸਮੇਂ ਦੇ ਟ੍ਰੈਫਿਕ ਪ੍ਰਵਾਹ ਦੇ ਅਨੁਕੂਲ ਹੋਣਗੀਆਂ। ਉਨ੍ਹਾਂ ਕਿਹਾ ਕਿ ਏਕੀਕ੍ਰਿਤ ਟ੍ਰੈਫਿਕ ਕੋਰੀਡੋਰ ਵੀ ਬਣਾਏ ਜਾਣਗੇ, ਜਿਸ ਨਾਲ ਮੋਹਾਲੀ, ਖਰੜ, ਜ਼ੀਰਕਪੁਰ ਅਤੇ ਡੇਰਾ ਬੱਸੀ ਵਿੱਚ ਸੁਚਾਰੂ ਆਵਾਜਾਈ ਨੂੰ ਯਕੀਨੀ ਬਣਾਇਆ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਆਈ.ਸੀ.ਸੀ.ਸੀ. ਪ੍ਰਾਜੈਕਟ ਸ਼ਹਿਰੀ ਸੁਰੱਖਿਆ ਅਤੇ ਸਮਾਰਟ ਟ੍ਰੈਫਿਕ ਪ੍ਰਬੰਧਨ ਵਿੱਚ ਇੱਕ ਵੱਡਾ ਮੀਲ ਪੱਥਰ ਹੈ। ਮੋਹਾਲੀ ਦੇ ਵਪਾਰਕ, ਆਈ.ਟੀ. ਅਤੇ ਰਿਹਾਇਸ਼ੀ ਹੱਬ ਵਜੋਂ ਤੇਜ਼ੀ ਨਾਲ ਵਿਸਥਾਰ ਦੇ ਮੱਦੇਨਜ਼ਰ ਇਹ ਉਪਰਾਲਾ ਕਾਨੂੰਨ ਵਿਵਸਥਾ ਬਣਾਈ ਰੱਖਣ, ਨਿਰਵਿਘਨ ਟ੍ਰੈਫਿਕ ਪ੍ਰਵਾਹ ਯਕੀਨੀ ਬਣਾਉਣ ਅਤੇ ਜਨਤਕ ਸੁਰੱਖਿਆ ਨੂੰ ਵਧਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਸੁਰੱਖਿਅਤ ਅਤੇ ਸਮਾਰਟ ਸ਼ਹਿਰਾਂ ਦੇ ਨਿਰਮਾਣ ਲਈ ਅਤਿ-ਆਧੁਨਿਕ ਤਕਨਾਲੌਜੀ ਦੀ ਵਰਤੋਂ ਕਰਨ ਲਈ ਵਚਨਬੱਧ ਹੈ ਤਾਂ ਜੋ ਸ਼ਹਿਰੀ ਪ੍ਰਸ਼ਾਸਨ ਅਤੇ ਸੁਰੱਖਿਆ ਵਿੱਚ ਨਵੇਂ ਮਾਪਦੰਡ ਸਥਾਪਤ ਕੀਤੇ ਜਾ ਸਕਣ।

## ਰੀਲ ਬਣਾਉਂਦੇ ਸਮੇਂ ਸਕਾਰਪੀਓ ਸਮੇਤ ਨਹਿਰ ਵਿੱਚ ਡਿੱਗੇ ਨੌਜਵਾਨ, ਦੋ ਦੀ ਮੌਤ, ਇੱਕ ਦੀ ਭਾਲ ਜਾਰੀ

ਅਹਿਮਦਾਬਾਦ, 6 ਮਾਰਚ (ਪੋਸਟ ਬਿਊਰੋ): ਗੁਜਰਾਤ ਦੇ ਅਹਿਮਦਾਬਾਦ ਵਿੱਚ ਇੱਕ ਸਕਾਰਪੀਓ ਕਾਰ 'ਤੇ ਰੀਲ ਬਣਾਉਂਦੇ ਸਮੇਂ ਨਹਿਰ ਵਿੱਚ ਡਿੱਗਣ ਦੀ ਘਟਨਾ ਸਾਹਮਣੇ ਆਈ ਹੈ। ਕਾਰ ਵਿੱਚ ਤਿੰਨ ਦੋਸਤ ਸਵਾਰ ਸਨ, ਜਿਨ੍ਹਾਂ ਵਿੱਚੋਂ ਦੋ ਦੀਆਂ ਲਾਸ਼ਾਂ ਮਿਲ ਗਈਆਂ ਹਨ ਅਤੇ ਤੀਜੇ ਦੀ ਭਾਲ ਜਾਰੀ ਹੈ। ਇਹ ਹਾਦਸਾ ਕੱਲ੍ਹ ਸ਼ਾਮ, ਬੁੱਧਵਾਰ ਨੂੰ ਹੋਇਆ, ਜਿਸਦੀ ਸੀਸੀਟੀਵੀ ਫੁਟੇਜ ਹੁਣੇ ਸਾਹਮਣੇ ਆਈ ਹੈ।



ਅਹਿਮਦਾਬਾਦ ਦੀ ਐੱਚਡੀ ਡਿਵੀਜ਼ਨ ਟ੍ਰੈਫਿਕ ਪੁਲਿਸ ਤੋਂ ਪ੍ਰਾਪਤ ਜਾਣਕਾਰੀ ਅਨੁਸਾਰ, ਤਿੰਨ ਦੋਸਤ ਯਕਸ਼, ਯਸ਼, ਕ੍ਰਿਸ਼ ਸਕਾਰਪੀਓ ਵਿੱਚ ਫਤੇਵਾੜੀ ਨਹਿਰ 'ਤੇ ਰੀਲ ਬਣਾਉਣ ਲਈ ਪਹੁੰਚੇ ਸਨ। ਚਾਰ ਹੋਰ ਦੋਸਤ ਹਿਰਦੇ, ਧਰੁਵ, ਰਿਤਯੂ ਅਤੇ ਵਿਰਾਜ ਸਿੰਘ ਪਹਿਲਾਂ ਹੀ ਨਹਿਰ 'ਤੇ ਮੌਜੂਦ ਸਨ। ਦੋਸਤਾਂ ਨੇ 3500 ਰੁਪਏ ਦੇ ਕੇ ਸਕਾਰਪੀਓ ਨੂੰ ਚਾਰ ਘੰਟਿਆਂ ਲਈ ਕਿਰਾਏ 'ਤੇ ਲਿਆ ਸੀ। ਹਾਦਸੇ ਸਮੇਂ ਯਕਸ਼, ਯਸ਼ ਅਤੇ ਕ੍ਰਿਸ਼ ਕਾਰ ਵਿੱਚ ਸਨ।

ਵਿਰਾਜ ਸਿੰਘ ਨੇ ਦੱਸਿਆ ਕਿ ਹਾਦਸੇ ਸਮੇਂ ਯਸ਼ ਸਕਾਰਪੀਓ ਚਲਾ ਰਿਹਾ ਸੀ। ਯਸ਼ ਦੀ ਕਾਰ ਯੂ-ਟਰਨ ਲੈ ਰਹੀ ਸੀ। ਇਸ ਦੌਰਾਨ, ਕੋਈ ਨਹੀਂ ਜਾਣਦਾ ਕਿ ਕੀ ਹੋਇਆ ਕਿ ਕਾਰ ਮੁੜਨ ਦੀ ਬਜਾਏ ਸਿੱਧੀ ਨਹਿਰ ਵਿੱਚ ਡਿੱਗ ਗਈ। ਕਿਸੇ ਤਰ੍ਹਾਂ ਤਿੰਨੋਂ ਬਾਹਰ ਆ ਗਏ। ਅਸੀਂ ਬਾਕੀ ਦੋਸਤਾਂ ਅਤੇ ਆਸ-ਪਾਸ ਦੇ ਲੋਕਾਂ ਨੇ ਰੱਸੀਆਂ ਸੁੱਟ ਕੇ ਉਨ੍ਹਾਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ, ਪਰ ਪਾਣੀ ਦੇ ਤੇਜ਼ ਵਹਾਅ ਵਿੱਚ ਤਿੰਨੋਂ ਹੀ ਵਹਿ ਗਏ।

ਸੂਚਨਾ ਮਿਲਦੇ ਹੀ ਪੁਲਿਸ ਅਤੇ ਫਾਇਰ ਬ੍ਰਿਗੇਡ ਬਚਾਅ ਟੀਮ ਮੌਕੇ 'ਤੇ ਪਹੁੰਚ ਗਈ ਅਤੇ ਤਿੰਨਾਂ ਦੀ ਭਾਲ ਸ਼ੁਰੂ ਕਰ ਦਿੱਤੀ। ਰਾਤ ਨੂੰ ਤਲਾਸ਼ੀ ਮੁਹਿੰਮ ਲਈ ਨਹਿਰ ਦਾ ਪਾਣੀ ਬੰਦ ਕਰ ਦਿੱਤਾ ਗਿਆ। ਰਾਤ ਦੇ ਕਰੀਬ 2.30 ਵਜੇ ਤੱਕ ਜਾਰੀ ਇਸ ਕਾਰਵਾਈ ਦੌਰਾਨ ਵੀ ਤਿੰਨਾਂ ਦਾ ਪਤਾ ਨਹੀਂ ਲੱਗ ਸਕਿਆ। ਅੱਜ ਸਵੇਰੇ ਯਕਸ਼ ਅਤੇ ਯਸ਼ ਸੋਲੰਕੀ ਦੀਆਂ ਲਾਸ਼ਾਂ ਸ਼ਾਸਤਰੀ ਪੁਲ ਨੇੜੇ ਨਦੀ ਵਿੱਚ ਤੈਰਦੀਆਂ ਮਿਲੀਆਂ। ਕ੍ਰਿਸ਼ ਡੇਵ ਹਾਲੇ ਵੀ ਲਾਪਤਾ ਹੈ, ਉਸਦੀ ਭਾਲ ਜਾਰੀ ਹੈ।


Allseas Fisheries Inc. is Hiring!

DZ licensed delivery drivers needed.

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**

ਕੈਨੇਡੀਅਨ ਪੰਜਾਬੀ ਪੋਸਟ — Award winning news paper | Canadian Punjabi Post

CLASSIFIEDS

Starting at just $10

ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ

ਕਾਲ ਕਰੋ: 905-793-2202


## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664


Allseas Fisheries Inc. is Hiring!

DZ licensed delivery drivers needed.

Pay is $24/hour. Full time, permanent

Should work any day of the week, including weekends.

If interested, please forward resume to **rgidda@allseas.net**














# ਸਾਰਥਕ ਭਾਗੀਦਾਰੀ ਤੋਂ ਬਿਨਾਂ ਅੱਧੀ ਦੁਨੀਆਂ ਦੀਆਂ ਸਮੱਸਿਆਵਾਂ ਕਿਵੇਂ ਹੱਲ ਹੋਣਗੀਆਂ?

**8 ਮਾਰਚ ਨੂੰ ਮਹਿਲਾ ਦਿਵਸ 'ਤੇ ਵਿਸ਼ੇਸ਼** ਸਿਰਫ਼ ਮਹਿਲਾ ਦਿਵਸ 'ਤੇ ਹੀ ਨਹੀਂ, ਹਰ ਰੋਜ਼ ਔਰਤਾਂ ਨੂੰ ਇਸ ਬਦਲਾਅ ਲਈ, ਆਪਣੇ ਹੱਕਾਂ ਲਈ ਲੜਨਾ ਪਵੇਗਾ। ਇਹ ਇੱਕ ਛੋਟੀ ਜਿਹੀ ਸ਼ੁਰੂਆਤ ਹੋ ਸਕਦੀ ਹੈ, ਪਰ ਸ਼ੁਰੂਆਤ ਸਾਰਿਆਂ ਨੂੰ ਕਰਨੀ ਪੈਂਦੀ ਹੈ। ਸੰਘਰਸ਼ ਦਾ ਇਹ ਸਫ਼ਰ ਬੇਅੰਤ ਹੈ। ਔਰਤਾਂ ਲਈ ਬਰਾਬਰ ਤਨਖਾਹ ਹੋਣੀ ਚਾਹੀਦੀ ਹੈ; ਉਨ੍ਹਾਂ ਨੂੰ ਹਲਕੇ ਵਿੱਚ ਨਹੀਂ ਲੈਣਾ ਚਾਹੀਦਾ। ਮੈਂ ਇੱਕ ਅਜਿਹਾ ਸਮਾਜ ਚਾਹੁੰਦਾ ਹਾਂ ਜਿੱਥੇ ਔਰਤਾਂ ਨੂੰ ਸਮਾਨਤਾ ਲਈ ਵਾਰ-ਵਾਰ ਛਾਤੀਆਂ ਪਿੱਟ ਕੇ ਆਪਣੀ ਪਛਾਣ ਸਾਬਤ ਨਾ ਕਰਨੀ ਪਵੇ ਅਤੇ ਹਰ ਕਿਸੇ ਨੂੰ ਮੌਕੇ ਮਿਲਣ। ਔਰਤਾਂ ਨੂੰ ਉਨ੍ਹਾਂ ਦੀ ਪ੍ਰਤਿਭਾ ਦੇ ਆਧਾਰ 'ਤੇ ਕੰਮ ਮਿਲਣਾ ਚਾਹੀਦਾ ਹੈ, ਇਸਦੀ ਕਦਰ ਅਤੇ ਸਤਿਕਾਰ ਹੋਣਾ ਚਾਹੀਦਾ ਹੈ। ਘਰ ਅਤੇ ਕੰਮ ਵਾਲੀ ਥਾਂ 'ਤੇ ਇੱਕ ਔਰਤ ਹੋਣ ਦੇ ਨਾਤੇ, ਤੁਸੀਂ ਹਮਦਰਦੀ ਨਹੀਂ ਚਾਹੁੰਦੇ, ਤੁਸੀਂ ਸਿਰਫ਼ ਸਮਾਨਤਾ ਚਾਹੁੰਦੇ ਹੋ। ਜੋ ਕੁਦਰਤੀ ਸੀ, ਉਸ ਲਈ ਸੰਘਰਸ਼ ਕਰਨ ਦੀ ਕੋਈ ਲੋੜ ਨਹੀਂ ਸੀ। ਫੈਸਲੇ ਲੈਣ ਦੀ ਪ੍ਰਕਿਰਿਆ ਵਿੱਚ ਔਰਤਾਂ ਦੀ ਭਾਗੀਦਾਰੀ ਨਾ ਸਿਰਫ਼ ਉਨ੍ਹਾਂ ਦਾ ਅਧਿਕਾਰ ਹੈ, ਸਗੋਂ ਇਹ ਜਨਤਕ ਫੈਸਲਿਆਂ ਵਿੱਚ ਉਨ੍ਹਾਂ ਦੇ ਹਿੱਤਾਂ ਦਾ ਸਤਿਕਾਰ ਕਰਨ ਲਈ ਇੱਕ ਜ਼ਰੂਰੀ ਸ਼ਰਤ ਵੀ ਹੈ। ਅਮਰੀਕੀ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਕਿਹਾ ਸੀ ਕਿ ਲੋਕਤੰਤਰ ਦਾ ਪੱਧਰ ਬੁਨਿਆਦੀ ਤੌਰ 'ਤੇ ਔਰਤਾਂ ਦੇ ਸਸ਼ਕਤੀਕਰਨ 'ਤੇ ਨਿਰਭਰ ਕਰਦਾ ਹੈ।

ਇਸ ਅਸਮਾਨਤਾ ਨੂੰ ਘਟਾਉਣ ਲਈ, ਪਹਿਲੀ ਲੋੜ ਸਿੱਖਿਆ ਰਾਹੀਂ ਔਰਤਾਂ ਨੂੰ ਸਸ਼ਕਤ ਬਣਾਉਣ, ਪਰੇਸ਼ਾਨੀ-ਮੁਕਤ ਅਤੇ ਸੁਰੱਖਿਅਤ ਵਾਤਾਵਰਣ ਬਣਾਉਣ, ਕੁੜੀਆਂ ਨੂੰ ਜੀਵਨ ਹੁਨਰ ਸਿਖਾਉਣ ਅਤੇ ਹਿੰਸਾ ਨੂੰ ਖਤਮ ਕਰਨ ਦੀ ਹੈ।



-ਪ੍ਰਿਯੰਕਾ ਸੌਰਭ

ਸਾਡੇ ਦੇਸ਼ ਵਿੱਚ ਔਰਤਾਂ ਆਬਾਦੀ ਦਾ ਲਗਭਗ 48% ਹਨ, ਫਿਰ ਵੀ ਉਹ ਲੋਕ ਸਭਾ ਦੀਆਂ 15% ਤੋਂ ਵੀ ਘੱਟ ਸੀਟਾਂ 'ਤੇ ਕਾਬਜ਼ ਹਨ। ਇਸ ਮਹੱਤਵਪੂਰਨ ਘੱਟ ਪ੍ਰਤੀਨਿਧਤਾ ਦੇ ਨਤੀਜੇ ਵਜੋਂ ਔਰਤਾਂ ਦੇ ਮੁੱਦਿਆਂ ਜਿਵੇਂ ਕਿ ਕੰਮ ਵਾਲੀ ਥਾਂ 'ਤੇ ਸੁਰੱਖਿਆ, ਬਿਨਾਂ ਭੁਗਤਾਨ ਕੀਤੇ ਦੇਖਭਾਲ ਦੀਆਂ ਜ਼ਿੰਮੇਵਾਰੀਆਂ, ਅਤੇ ਆਰਥਿਕ ਅਧਿਕਾਰਾਂ ਦੀ ਅਣਦੇਖੀ ਹੁੰਦੀ ਹੈ। ਅਜਿਹਾ ਅਲਹਿਦਗੀ ਪੁਰਖ-ਸੱਤਾਤਮਕ ਨਿਯਮਾਂ ਨੂੰ ਕਾਇਮ ਰੱਖਦੀ ਹੈ। ਫਿਰ ਵੀ, ਅਜਿਹੇ ਵਿਤਕਰੇ ਨੂੰ ਖਤਮ ਕਰਨ, ਕਾਨੂੰਨੀ ਸੁਰੱਖਿਆ ਵਧਾਉਣ ਅਤੇ ਸੰਵਿਧਾਨਕ ਅਧਿਕਾਰਾਂ ਦੀ ਪੁਸ਼ਟੀ ਕਰਨ ਲਈ ਨਿਆਂਇਕ ਕਾਰਵਾਈ ਮਹੱਤਵਪੂਰਨ ਰਹੀ ਹੈ, ਹਾਲਾਂਕਿ ਡੂੰਘੀਆਂ ਜੜ੍ਹਾਂ ਵਾਲੇ ਪੱਖਪਾਤ ਨੂੰ ਖਤਮ ਕਰਨ ਵਿੱਚ ਉਨ੍ਹਾਂ ਦੀ ਸਫਲਤਾ ਬਹਿਸ ਦਾ ਵਿਸ਼ਾ ਬਣੀ ਹੋਈ ਹੈ। ਔਰਤ ਪ੍ਰਤੀਨਿਧਤਾ ਦੀ ਘਾਟ ਮਾਵਾਂ ਦੇ ਅਧਿਕਾਰਾਂ ਦੀ ਉਲੰਘਣਾ ਕਰਦੀ ਹੈ, ਜਿਸਦੇ ਨਤੀਜੇ ਵਜੋਂ ਕੰਮ ਵਾਲੀ ਥਾਂ 'ਤੇ ਵਿਤਕਰਾ ਹੁੰਦਾ ਹੈ ਅਤੇ ਢੁਕਵੀਂ ਸਹਾਇਤਾ ਦੀ ਘਾਟ ਹੁੰਦੀ ਹੈ। ਮੈਟਰਨਿਟੀ ਬੈਨੀਫਿਟ (ਸੋਧ) ਐਕਟ 2017 ਵਿੱਚ ਤਨਖਾਹ ਵਾਲੀ ਛੁੱਟੀ ਦੀ ਵਿਵਸਥਾ ਹੈ, ਪਰ ਨਿੱਜੀ ਖੇਤਰ ਵਿੱਚ ਇਸਦਾ ਲਾਗੂਕਰਨ ਘੱਟ ਹੈ, ਜਿਸ ਕਾਰਨ ਔਰਤਾਂ ਨੂੰ ਕਾਰਜਬਲ ਵਿੱਚ ਸ਼ਾਮਲ ਹੋਣ ਤੋਂ ਰੋਕਿਆ ਜਾ ਰਿਹਾ ਹੈ।

ਔਰਤਾਂ ਨੂੰ ਫੈਸਲਾ ਲੈਣ ਦੀ ਪ੍ਰਕਿਰਿਆ ਤੋਂ ਬਾਹਰ ਰੱਖਣ ਨਾਲ ਮਹਿਲਾ ਸਸ਼ਕਤੀਕਰਨ ਦੀ ਕੜੀ ਕਮਜ਼ੋਰ ਹੁੰਦੀ ਹੈ। ਇਸ ਦੇ ਪਿੱਛੇ ਕਾਰਨ ਲਿੰਗ ਪੱਖਪਾਤ ਅਤੇ ਵਿਤਕਰਾ, ਕੰਮ ਵਾਲੀ ਥਾਂ 'ਤੇ ਸੱਭਿਆਚਾਰ ਅਤੇ ਸਮਾਜਿਕ ਅਤੇ ਪਰਿਵਾਰਕ ਫੈਸਲੇ ਲੈਣ ਦੀਆਂ ਪ੍ਰਕਿਰਿਆਵਾਂ ਵਿੱਚ ਭਾਗੀਦਾਰੀ ਦੀ ਘਾਟ ਹਨ, ਜੋ ਔਰਤਾਂ ਨੂੰ ਹਾਸ਼ੀਏ 'ਤੇ ਧੱਕਦੀਆਂ ਹਨ। ਇਹ ਦਾਇਰਾ ਸੀਮਤ ਕਰਦਾ ਹੈ ਅਤੇ ਇਸ ਸੀਮਤ ਦਾਇਰੇ ਦੇ ਅੰਦਰ ਪੈਦਾ ਹੋਣ ਵਾਲੀਆਂ ਚੁਣੌਤੀਆਂ ਦਾ ਸਾਹਮਣਾ ਕਰਨਾ ਮੁਸ਼ਕਲ ਹੋ ਜਾਂਦਾ ਹੈ। ਸੰਯੁਕਤ ਰਾਸ਼ਟਰ ਮਨੁੱਖੀ ਅਧਿਕਾਰ ਦਫ਼ਤਰ ਦੇ ਅਨੁਸਾਰ, ਫੈਸਲਾ ਲੈਣ ਦੀ ਪ੍ਰਕਿਰਿਆ ਵਿੱਚ ਔਰਤਾਂ ਦੀ ਭਾਗੀਦਾਰੀ ਨਾ ਸਿਰਫ਼ ਉਨ੍ਹਾਂ ਦਾ ਅਧਿਕਾਰ ਹੈ, ਸਗੋਂ ਇਹ ਜਨਤਕ ਫੈਸਲਿਆਂ ਵਿੱਚ ਉਨ੍ਹਾਂ ਦੇ ਹਿੱਤਾਂ ਦਾ ਸਤਿਕਾਰ ਕਰਨ ਲਈ ਇੱਕ ਜ਼ਰੂਰੀ ਸ਼ਰਤ ਵੀ ਹੈ। ਅਮਰੀਕੀ ਉਪ ਰਾਸ਼ਟਰਪਤੀ ਕਮਲਾ ਹੈਰਿਸ ਨੇ ਕਿਹਾ ਸੀ ਕਿ ਲੋਕਤੰਤਰ ਦਾ ਪੱਧਰ ਬੁਨਿਆਦੀ ਤੌਰ 'ਤੇ ਔਰਤਾਂ ਦੇ ਸਸ਼ਕਤੀਕਰਨ 'ਤੇ ਨਿਰਭਰ ਕਰਦਾ ਹੈ। ਇਸ ਅਸਮਾਨਤਾ ਨੂੰ ਘਟਾਉਣ ਲਈ, ਪਹਿਲੀ ਲੋੜ ਸਿੱਖਿਆ ਰਾਹੀਂ ਔਰਤਾਂ ਨੂੰ ਸਸ਼ਕਤ ਬਣਾਉਣ, ਪਰੇਸ਼ਾਨੀ-ਮੁਕਤ ਅਤੇ ਸੁਰੱਖਿਅਤ ਵਾਤਾਵਰਣ ਬਣਾਉਣ, ਕੁੜੀਆਂ ਨੂੰ ਜੀਵਨ ਹੁਨਰ ਸਿਖਾਉਣ ਅਤੇ ਹਿੰਸਾ ਨੂੰ ਖਤਮ ਕਰਨ ਦੀ ਹੈ।

ਮੌਜੂਦਾ ਨੀਤੀਆਂ ਲਚਕਦਾਰ ਕੰਮ ਦੇ ਪ੍ਰਬੰਧਾਂ ਦਾ ਪ੍ਰਬੰਧ ਨਹੀਂ ਕਰਦੀਆਂ, ਜਿਸ ਕਾਰਨ ਔਰਤਾਂ ਲਈ ਆਪਣੇ ਪੇਸ਼ੇਵਰ ਅਤੇ ਘਰੇਲੂ ਜੀਵਨ ਨੂੰ ਸੰਤੁਲਿਤ ਕਰਨਾ ਚੁਣੌਤੀਪੂਰਨ ਹੋ ਜਾਂਦਾ ਹੈ। ਬਹੁਤ ਸਾਰੇ ਕਾਰਜ ਸਥਾਨ ਐਕਟ 2013 ਦੀ ਪਾਲਣਾ ਨਹੀਂ ਕਰਦੇ, ਕਿਉਂਕਿ ਪੁਰਸ਼-ਪ੍ਰਧਾਨ ਲੀਡਰਸ਼ਿਪ ਅਕਸਰ ਔਰਤਾਂ ਦੀ ਸੁਰੱਖਿਆ ਦੀ ਮਹੱਤਵਪੂਰਨ ਲੋੜ ਨੂੰ ਨਜ਼ਰਅੰਦਾਜ਼ ਕਰਦੀ ਹੈ। ਇਸ ਤੋਂ ਇਲਾਵਾ, ਨੀਤੀਆਂ ਮਹਿਲਾ ਉੱਦਮੀਆਂ ਨੂੰ ਬਰਾਬਰੀ ਵਾਲੇ ਕਰਜ਼ੇ ਅਤੇ ਵਪਾਰਕ ਪ੍ਰੋਤਸਾਹਨ ਤੱਕ ਪਹੁੰਚ ਵਿੱਚ ਢੁਕਵਾਂ ਸਮਰਥਨ ਨਹੀਂ ਦਿੰਦੀਆਂ, ਜੋ ਉਨ੍ਹਾਂ ਦੇ ਆਰਥਿਕ ਸਸ਼ਕਤੀਕਰਨ ਨੂੰ ਸੀਮਤ ਕਰਦੀਆਂ ਹਨ। ਹਾਲਾਂਕਿ, ਅਦਾਲਤਾਂ ਨੇ ਮਾਵਾਂ ਦੀ ਸੁਰੱਖਿਆ ਨੂੰ ਮਜ਼ਬੂਤ ਕਰਕੇ ਲਿੰਗ-ਸੰਵੇਦਨਸ਼ੀਲ ਕਾਰਜ ਸਥਾਨਾਂ ਨੂੰ ਉਤਸ਼ਾਹਿਤ ਕਰਨ ਵਿੱਚ ਭੂਮਿਕਾ ਨਿਭਾਈ ਹੈ। 2024 ਵਿੱਚ, ਸੁਪਰੀਮ ਕੋਰਟ ਨੇ ਦੋ ਮਹਿਲਾ ਜੱਜਾਂ ਨੂੰ ਬਹਾਲ ਕੀਤਾ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਗਰਭ ਅਵਸਥਾ ਨਾਲ ਸਬੰਧਤ ਬਰਖਾਸਤਗੀ ਸਜ਼ਾਯੋਗ ਅਤੇ ਗੈਰ-ਕਾਨੂੰਨੀ ਦੋਵੇਂ ਹਨ, ਇਸ ਤਰ੍ਹਾਂ ਕੰਮ ਵਾਲੀ ਥਾਂ 'ਤੇ ਸਮਾਨਤਾ ਨੂੰ ਉਤਸ਼ਾਹਿਤ ਕੀਤਾ ਗਿਆ। ਨਿਆਂਇਕ ਫੈਸਲਿਆਂ ਨੇ ਔਰਤਾਂ ਲਈ ਕਾਨੂੰਨੀ ਸੁਰੱਖਿਆ ਨੂੰ ਯਕੀਨੀ ਬਣਾਉਂਦੇ ਹੋਏ ਵਿਤਕਰੇ ਵਾਲੀਆਂ ਧਾਰਮਿਕ ਪ੍ਰਥਾਵਾਂ ਨੂੰ ਵੀ ਉਲਟਾ ਦਿੱਤਾ ਹੈ। ਉਦਾਹਰਣ ਵਜੋਂ, 2017 ਵਿੱਚ ਸ਼ਾਇਰਾਹ ਬਾਨੋ ਕੇਸ ਨੇ ਤਿੰਨ ਤਲਾਕ ਨੂੰ ਅਪਰਾਧ ਕਰਾਰ ਦਿੱਤਾ, ਜਿਸ ਨਾਲ ਮੁਸਲਿਮ ਔਰਤਾਂ ਦੇ ਵਿਆਹੁਤਾ ਅਧਿਕਾਰ ਸੁਰੱਖਿਅਤ ਹੋ ਗਏ।

ਇਸ ਤੋਂ ਇਲਾਵਾ, ਅਦਾਲਤਾਂ ਨੇ ਹਿੰਦੂ ਉੱਤਰਾਧਿਕਾਰ ਕਾਨੂੰਨਾਂ ਵਿੱਚ ਪੁਰਖਿਆਂ ਦੇ ਪੱਖਪਾਤ ਨੂੰ ਚੁਣੌਤੀ ਦਿੰਦੇ ਹੋਏ ਬਰਾਬਰ ਉੱਤਰਾਧਿਕਾਰ ਦੇ ਅਧਿਕਾਰਾਂ ਨੂੰ ਬਰਕਰਾਰ ਰੱਖਿਆ ਹੈ, ਜਿਵੇਂ ਕਿ 2020 ਦੇ ਸੁਪਰੀਮ ਕੋਰਟ ਦੇ ਵਿਨੀਤਾ ਸ਼ਰਮਾ ਬਨਾਮ ਰਾਕੇਸ਼ ਸ਼ਰਮਾ ਦੇ ਫੈਸਲੇ ਵਿੱਚ ਦੇਖਿਆ ਗਿਆ ਹੈ, ਜਿਸ ਨੇ ਪੁਸ਼ਟੀ ਕੀਤੀ ਹੈ ਕਿ ਧੀਆਂ ਨੂੰ ਪੁਰਖਿਆਂ ਦੀ ਜਾਇਦਾਦ ਵਿੱਚ ਬਰਾਬਰ ਅਧਿਕਾਰ ਹਨ। ਮਹਿਲਾ ਸਸ਼ਕਤੀਕਰਨ ਨੂੰ ਉਤਸ਼ਾਹਿਤ ਕਰਨ ਲਈ ਵਿਧਾਨ ਸਭਾਵਾਂ ਵਿੱਚ ਔਰਤਾਂ ਲਈ 33% ਰਾਖਵਾਂਕਰਨ ਲਾਗੂ ਕਰੋ। ਪ੍ਰਤੀਨਿਧਤਾ ਨੂੰ ਬਿਹਤਰ ਬਣਾਉਣ ਲਈ ਚੋਣਾਂ ਵਿੱਚ ਮਹਿਲਾ ਰਾਖਵਾਂਕਰਨ ਬਿੱਲ ਨੂੰ ਪੂਰੀ ਤਰ੍ਹਾਂ ਲਾਗੂ ਕੀਤਾ ਜਾਣਾ ਚਾਹੀਦਾ ਹੈ। ਅਦਾਲਤਾਂ ਨੂੰ ਲਿੰਗ ਕਾਨੂੰਨਾਂ ਦੀ ਨਿਗਰਾਨੀ ਅਤੇ ਪਾਲਣਾ ਨੂੰ ਲਾਗੂ ਕਰਨ ਦੀ ਜ਼ਰੂਰਤ ਹੈ, ਜਿਸ ਨਾਲ ਨੀਤੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨਾ ਯਕੀਨੀ ਬਣਾਇਆ ਜਾ ਸਕੇ। ਫਾਸਟ-ਟਰੈਕ ਅਦਾਲਤਾਂ ਨੂੰ ਕੰਮ ਵਾਲੀ ਥਾਂ 'ਤੇ ਪਰੇਸ਼ਾਨੀ ਦੀਆਂ ਘਟਨਾਵਾਂ ਲਈ ਤੇਜ਼ੀ ਨਾਲ ਨਿਆਂ ਪ੍ਰਦਾਨ ਕਰਨਾ ਚਾਹੀਦਾ ਹੈ। ਨੀਤੀਆਂ ਨੂੰ ਔਰਤਾਂ ਲਈ ਵਿੱਤੀ ਸਮਾਵੇਸ਼, ਹੁਨਰ ਵਿਕਾਸ ਅਤੇ ਉੱਦਮਤਾ ਸਹਾਇਤਾ ਵਧਾਉਣ 'ਤੇ ਕੇਂਦ੍ਰਿਤ ਹੋਣਾ ਚਾਹੀਦਾ ਹੈ। ਔਰਤਾਂ ਦੀ ਅਗਵਾਈ ਵਾਲੇ ਉੱਦਮਾਂ ਲਈ ਵੱਡੇ ਕਰਜ਼ੇ ਪ੍ਰਦਾਨ ਕਰਨ ਲਈ ਮੁਦਰਾ ਯੋਜਨਾ ਦਾ ਵਿਸਤਾਰ ਕੀਤਾ ਜਾਣਾ ਚਾਹੀਦਾ ਹੈ।

ਪਿਤਰਸੱਤਾਤਮਕ ਨਿਯਮਾਂ ਨੂੰ ਚੁਣੌਤੀ ਦੇਣ ਲਈ ਛੋਟੀ ਉਮਰ ਤੋਂ ਹੀ ਸਕੂਲੀ ਪਾਠਕ੍ਰਮ ਵਿੱਚ ਲਿੰਗ ਜਾਗਰੂਕਤਾ ਸ਼ਾਮਲ ਕੀਤੀ ਜਾਣੀ ਚਾਹੀਦੀ ਹੈ। ਸਮਾਨਤਾ-ਕੇਂਦ੍ਰਿਤ ਸਿੱਖਿਆ ਨੂੰ ਉਤਸ਼ਾਹਿਤ ਕਰਨ ਲਈ ਪਾਠ-ਪੁਸਤਕਾਂ ਵਿੱਚ ਲਿੰਗ-ਸੰਵੇਦਨਸ਼ੀਲ ਸਮੱਗਰੀ ਸ਼ਾਮਲ ਹੋਣੀ ਚਾਹੀਦੀ ਹੈ। ਕੰਪਨੀਆਂ ਦਾ ਡੂੰਘਾਈ ਨਾਲ ਆਡਿਟ ਕਰੋ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਉਹ ਜਣੇਪਾ ਅਤੇ ਪਰੇਸ਼ਾਨੀ ਵਿਰੋਧੀ ਨਿਯਮਾਂ ਦੀ ਪਾਲਣਾ ਕਰਦੀਆਂ ਹਨ। ਕੋਈ ਵੀ ਦੇਸ਼ ਆਪਣੀ ਅੱਧੀ ਆਬਾਦੀ ਨੂੰ ਪਿੱਛੇ ਛੱਡ ਕੇ ਅੱਗੇ ਨਹੀਂ ਵਧ ਸਕਦਾ। ਲਿੰਗ-ਸੰਵੇਦਨਸ਼ੀਲ ਨੀਤੀਆਂ ਵਿਕਸਤ ਕਰਨ ਲਈ ਫੈਸਲੇ ਲੈਣ ਵਿੱਚ ਔਰਤਾਂ ਦੀ ਭਾਗੀਦਾਰੀ ਮਹੱਤਵਪੂਰਨ ਹੈ। ਉਹਨਾਂ ਨੂੰ ਵਿਧਾਨਕ ਸੁਧਾਰਾਂ, ਜ਼ਮੀਨੀ ਪੱਧਰ 'ਤੇ ਸਿੱਖਿਆ, ਅਤੇ ਸੰਸਥਾਗਤ ਲਾਗੂ ਕਰਨ ਦੇ ਢੰਗਾਂ ਦੁਆਰਾ ਸਮਰਥਨ ਪ੍ਰਾਪਤ ਹੋਣਾ ਚਾਹੀਦਾ ਹੈ। ਰਾਜਨੀਤਿਕ ਪ੍ਰਤੀਨਿਧਤਾ, ਆਰਥਿਕ ਭਾਗੀਦਾਰੀ ਅਤੇ ਕਾਨੂੰਨੀ ਸੁਰੱਖਿਆ ਵਧਾਉਣ ਨਾਲ ਭਾਰਤ ਲਈ ਇੱਕ ਸੱਚਮੁੱਚ ਬਰਾਬਰੀ ਵਾਲਾ ਅਤੇ ਸਮਾਵੇਸ਼ੀ ਸ਼ਾਸਨ ਪ੍ਰਣਾਲੀ ਬਣੇਗੀ। ਔਰਤਾਂ ਦੀਆਂ ਆਵਾਜ਼ਾਂ, ਦ੍ਰਿਸ਼ਟੀਕੋਣਾਂ ਅਤੇ ਪ੍ਰਤੀਨਿਧਤਾ ਦੀ ਘਾਟ ਨੂੰ ਦੂਰ ਕਰਨ ਲਈ, ਔਰਤਾਂ ਦੀ ਅਰਥਪੂਰਨ ਭਾਗੀਦਾਰੀ ਅਤੇ ਲੀਡਰਸ਼ਿਪ, ਜਿਸ ਵਿੱਚ ਔਰਤਾਂ ਦੀ ਅਗਵਾਈ ਵਾਲੀਆਂ ਸੰਸਥਾਵਾਂ ਵੀ ਸ਼ਾਮਲ ਹਨ, ਨੂੰ ਮਾਨਵਤਾਵਾਦੀ ਕਾਰਵਾਈ ਦੇ ਸਾਰੇ ਪੱਧਰਾਂ 'ਤੇ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ।

ਸਿਰਫ਼ ਮਹਿਲਾ ਦਿਵਸ 'ਤੇ ਹੀ ਨਹੀਂ, ਹਰ ਰੋਜ਼ ਔਰਤਾਂ ਨੂੰ ਇਸ ਬਦਲਾਅ ਲਈ, ਆਪਣੇ ਹੱਕਾਂ ਲਈ ਲੜਨਾ ਪਵੇਗਾ। ਇਹ ਇੱਕ ਛੋਟੀ ਜਿਹੀ ਸ਼ੁਰੂਆਤ ਹੋ ਸਕਦੀ ਹੈ, ਪਰ ਸ਼ੁਰੂਆਤ ਸਾਰਿਆਂ ਨੂੰ ਕਰਨੀ ਪੈਂਦੀ ਹੈ। ਸੰਘਰਸ਼ ਦਾ ਇਹ ਸਫ਼ਰ ਬੇਅੰਤ ਹੈ। ਔਰਤਾਂ ਲਈ ਬਰਾਬਰ ਤਨਖਾਹ ਹੋਣੀ ਚਾਹੀਦੀ ਹੈ; ਉਨ੍ਹਾਂ ਨੂੰ ਹਲਕੇ ਵਿੱਚ ਨਹੀਂ ਲੈਣਾ ਚਾਹੀਦਾ। ਮੈਂ ਇੱਕ ਅਜਿਹਾ ਸਮਾਜ ਚਾਹੁੰਦਾ ਹਾਂ ਜਿੱਥੇ ਔਰਤਾਂ ਨੂੰ ਸਮਾਨਤਾ ਲਈ ਵਾਰ-ਵਾਰ ਛਾਤੀਆਂ ਪਿੱਟ ਕੇ ਆਪਣੀ ਪਛਾਣ ਸਾਬਤ ਨਾ ਕਰਨੀ ਪਵੇ, ਜਿੱਥੇ ਹਰ ਕਿਸੇ ਨੂੰ ਮੌਕੇ ਮਿਲਣ। ਔਰਤਾਂ ਨੂੰ ਉਨ੍ਹਾਂ ਦੀ ਪ੍ਰਤਿਭਾ ਦੇ ਆਧਾਰ 'ਤੇ ਕੰਮ ਮਿਲਣਾ ਚਾਹੀਦਾ ਹੈ, ਇਸਦੀ ਕਦਰ ਅਤੇ ਸਤਿਕਾਰ ਹੋਣਾ ਚਾਹੀਦਾ ਹੈ। ਘਰ ਅਤੇ ਕੰਮ ਵਾਲੀ ਥਾਂ 'ਤੇ ਇੱਕ ਔਰਤ ਹੋਣ ਦੇ ਨਾਤੇ, ਤੁਸੀਂ ਹਮਦਰਦੀ ਨਹੀਂ ਚਾਹੁੰਦੇ, ਤੁਸੀਂ ਸਿਰਫ਼ ਸਮਾਨਤਾ ਚਾਹੁੰਦੇ ਹੋ। ਜੋ ਕੁਦਰਤੀ ਸੀ, ਉਸ ਲਈ ਸੰਘਰਸ਼ ਕਰਨ ਦੀ ਕੋਈ ਲੋੜ ਨਹੀਂ ਸੀ।









